ਮੁੱਖ ਸੰਪਾਦਕ



ਸੁਖਵਿੰਦਰ ਸਿੰਘ ਪਲਾਹਾ
88376-03742

ਚੜ੍ਹਦੀਕਲਾ ਵਿੱਚ ਰਹੋ

ਧੂਰੀ ਦੀ ਸਵੇਰ

# ਡੀ.ਡੀ.ਐਸ ਨਿਊਜ਼

ਸੰਪਾਦਕ ਸੁਖਵਿੰਦਰ ਸਿੰਘ ਪਲਾਹਾ ਫੋਨ ਨੰ 88376-03742 ਧੁਰੀ दी सवेर

ਲੋੜ ਹੈ

ਅਦਾਰਾ ਧੂਰੀ ਦੀ ਸਵੇਰ (ਡੀ.ਡੀ.ਐਸ ਨਿਊਜ਼) ਨੂੰ ਪੰਜਾਬ ਦੇ ਹਰ ਜਿਲੇ ਵਿੱਚੋਂ ਪੱਤਰਕਾਰਾਂ ਅਤੇ ਜਿਲਾ ਇੰਚਾਰਜਾਂ ਦੀ ਜਰੂਰਤ ਹੈ।ਪੱਤਰਕਾਰ ਬਣਨ ਲਈ ਸੰਪਰਕ ਕਰੋ:-

88376-03742

ਮਿਤੀ- 12-08-2026 । ਦਿਨ- ਬੁੱਧਵਾਰ । ਸਾਲ- 4 RNI : PUNBIL/2021/91034 Email : ddssukhwinder@gmail.com ਕੀਮਤ - 5/-

## ਸੀਵਰੇਜ ਸਮੱਸਿਆ ਕਾਰਨ ਸੁਭਾਸ਼ ਨਗਰ ਗਲੀ ਨੰਬਰ 02 ਦੇ ਵਾਸੀ ਤੰਗ ਅਤੇ ਪ੍ਰੇਸ਼ਾਨ - ਨਵੀਨ ਕੁਮਾਰ

### ਗਲੀ ਵਾਸੀਆਂ ਵੱਲੋਂ ਹਲਕਾ ਵਿਧਾਇਕ ਡਿੰਪੀ ਢਿੱਲੋਂ ਨੂੰ ਗਲੀ ਉੱਚਾ ਕਰਨ ਦੀ ਕੀਤੀ ਮੰਗ

ਗਿੱਦੜਬਾਹਾ 11 ਅਗਸਤ (ਸੰਜੀਵ ਗਰਗ) ਪਿਛਲੇ ਕਈ ਸਾਲਾਂ ਤੋਂ ਆ ਰਹੀ ਸੀਵਰੇਜ ਦੀ ਸਮੱਸਿਆਂ ਅਤੇ ਸੁਭਾਸ਼ ਨਗਰ ਗਲੀ ਨੰਬਰ 02 ਚ ਘਰਾਂ ਅੱਗੇ ਖੜੇ ਸੀਵਰੇਜ ਦੇ ਗੰਦੇ ਅਤੇ ਬਦਬੂਦਾਰ ਪਾਣੀ ਤੋ ਤੰਗ ਅਤੇ ਪ੍ਰੇਸ਼ਾਨ ਹੋਏ ਗਲੀ ਵਾਸੀਆਂ ਨੇ ਸਰਕਾਰ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਖਿਲਾਫ ਰੋਸ ਜਤਾਉਂਦਿਆਂ ਕਿਹਾ ਕਿ ਪਿਛਲੇ ਕਾਫੀ ਸਾਲਾਂ ਤੋਂ ਸਾਡੀ ਗਲੀ ਨੰਬਰ 02 ਸੁਭਾਸ ਨਗਰ ਵਿੱਚ ਸੀਵਰੇਜ ਦਾ ਗੰਦਾ ਪਾਣੀ ਘਰਾਂ ਅੱਗੇ ਭਰ ਜਾਂਦਾ ਹੈ ਅਤੇ ਸਕੂਲ ਜਾਣ ਵਾਲੇ ਬੱਚਿਆਂ,ਅਤੇ ਸਵੇਰੇ ਕੰਮ ਕਾਰ ਤੇ ਜਾਣ ਵਾਲੇ ਵਿਅਕਤੀਆਂ ਨੂੰ ਗੰਦੇ ਪਾਣੀ ਵਿੱਚੋਂ ਦੀ ਹੋ ਕੇ ਜਾਣਾ ਪੈਂਦਾ ਹੈ ਅਤੇ ਗਲੀ ਚ ਖੜੇ ਪਾਣੀ ਕਾਰਨ ਕੋਈ ਸਬਜੀ ਵਾਲਾ ਵੀ ਨਹੀਂ ਆਉਦਾ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵੀਨ ਕੁਮਾਰ ਸੋਨੂੰ ( ਬਾਲਾ ਜੀ ਬਰਤਨ ਭੰਡਾਰ) ਨੇ ਦੱਸਿਆ ਕਿ ਸੀਵਰੇਜ ਬੋਰਡ ਦੇ ਕਿਸੇ ਵੀ ਪ੍ਰਸ਼ਾਸਨਿਕ ਅਧਿਕਾਰੀ ਵੱਲੋਂ





ਸਾਡੀ ਸੁਣਵਾਈ ਨਹੀਂ ਕੀਤੀ ਜਾ ਰਹੀ। ਉਨਾ ਗਿੱਦੜਬਾਹਾ ਦੇ ਹਲਕਾ ਵਿਧਾਇਕ ਸਰਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਜੀ ਨੂੰ ਬੇਨਤੀ ਕਰਦਿਆਂ ਕਿਹਾ ਕਿ ਸਾਡੀ ਸੀਵਰੇਜ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇ ਅਤੇ ਸਮੂਹ ਗਲੀ ਵਾਸੀਆਂ ਨੇ ਮੰਗ ਕੀਤੀ ਕਿ ਸਾਡੀ ਗਲੀ ਬਹੁਤ ਨੀਵੀ ਪੈ ਗਈ ਹੈ ਇਸ ਕਰਕੇ ਸੁਭਾਸ ਨਗਰ ਦੀ ਗਲੀ ਨੰਬਰ 02 ਨੂੰ ਉੱਚਾ ਕੀਤਾ ਜਾਵੇ। ਇਸ ਮੌਕੇ ਤੇ ਨਿੱਕਾ ਟਾਮਨਾ ਨੇ ਕਿਹਾ ਕਿ ਸੀਵਰੇਜ ਦੇ ਪਾਣੀ ਨਾਲ ਸਾਡੇ ਬੱਚੇ ਅਤੇ ਬਜ਼ੁਰਗ ਬਿਮਾਰ ਹੋ ਰਹੇ ਹਨ ਅਤੇ ਇਸ ਨਾਲ ਡੇਂਗੂ ਦੀ ਬਿਮਾਰੀ ਫੈਲਣ ਦਾ ਵੀ ਖ਼ਤਰਾ ਬਣਿਆ ਹੋਇਆ ਹੈ। ਉਨਾ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਬੇਨਤੀ ਕਰਦੇ ਕਿਹਾ ਕਿ ਇਸ ਸਮੱਸਿਆਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ। ਇਸ ਮੌਕੇ ਤੇ ਨਵੀਨ ਕੁਮਾਰ ਸੋਨੂੰ, ਨਿੱਕਾ ਟਾਮਨਾ, ਰਾਜੇਸ਼ ਕੁਮਾਰ, ਨਾਟੀ ਸੋਨੀ, ਟਿੰਕੂ ਸੋਨੀ, ਰੀਤੂ ਰਾਣੀ,ਯੋਤੀ ਰਾਣੀ, ਦਰਸ਼ਨਾਂ ਦੇਵੀ, ਪ੍ਰਵੀਨ ਸ਼ਰਮਾ, ਬਿਮਲਾ ਦੇਵੀ, ਰਜਨੀ ਗਰਗ, ਸ਼ਿਮਲਾ ਦੇਵੀ, ਸਪਨਾ ਰਾਣੀ, ਰਿੰਕੀ ਗਰਗ, ਸੋਨੂੰ ਮਿੱਤਲ, ਬੱਬਲੀ ਰਾਮ, ਸੰਜੀਵ ਕੁਮਾਰ ਆਦਿ ਮੋਜੂਦ ਸਨ।

## ਪਿੰਡ ਜਹਾਂਗੀਰ ਵਿਖੇ ਸਥਿਤ ਇਥਨੌਲ ਫੈਕਟਰੀ ਦੀ ਪ੍ਰਦੂਸ਼ਣ ਜਾਂਚ ਕਰਵਾਉਣ ਦੀ ਮੰਗ

### ਘਨੌਰ ਕਲਾਂ, ਬੁਗਰਾ, ਜਹਾਂਗੀਰ, ਘਨੌਰ ਖੁਰਦ ਅਤੇ ਬਾਦਸ਼ਾਹਪੁਰ ਦੇ ਸਰਪੰਚਾਂ ਨੇ ਐਸ.ਡੀ.ਐਮ ਧੂਰੀ ਨੂੰ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਸੌਂਪਿਆ

ਧੂਰੀ, 11 ਅਗਸਤ (ਸੁਖਵਿੰਦਰ ਪਲਾਹਾ) ਪਿੰਡ ਜਹਾਂਗੀਰ ਵਿਖੇ ਸਥਿਤ ਹਾਰਪ ਕੈਮੀਕਲਜ਼ ਪ੍ਰਾਈਵੇਟ ਲਿਮਟਿਡ ਦੀ ਇਥਨੌਲ ਫੈਕਟਰੀ ਸਬੰਧੀ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਵੱਲੋਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਪਾਸੋਂ ਫੈਕਟਰੀ ਦੀ ਅਚਨਚੇਤ ਚੈਕਿੰਗ ਕਰਵਾਉਣ ਦੀ ਮੰਗ ਕੀਤੀ ਗਈ ਹੈ। ਇਸ ਸਬੰਧੀ ਸਰਪੰਚ ਘਨੌਰ ਕਲਾਂ, ਸਰਪੰਚ ਬੁਗਰਾ, ਸਰਪੰਚ ਜਹਾਂਗੀਰ, ਸਰਪੰਚ ਘਨੌਰ ਖੁਰਦ ਅਤੇ ਸਰਪੰਚ ਬਾਦਸ਼ਾਹਪੁਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਾਮ ਮੰਗ ਪੱਤਰ ਐਸ.ਡੀ.ਐਮ ਧੂਰੀ ਨੂੰ ਸੌਂਪਿਆ ਗਿਆ। ਮੰਗ ਪੱਤਰ ਵਿੱਚ ਸਰਪੰਚਾਂ ਨੇ ਕਿਹਾ ਕਿ ਪਿੰਡ ਜਹਾਂਗੀਰ ਵਿਖੇ ਸਥਿਤ ਇਥਨੌਲ ਫੈਕਟਰੀ ਸਬੰਧੀ ਵੱਖ੍ਵੱਖ ਜਥੇਬੰਦੀਆਂ ਅਤੇ ਯੂਨੀਅਨਾਂ ਵੱਲੋਂ ਵਾਤਾਵਰਨ ਪ੍ਰਦੂਸ਼ਣ ਸਬੰਧੀ ਚਿੰਤਾਵਾਂ ਪ੍ਰਗਟਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦਾਅਵਿਆਂ ਕਾਰਨ ਇਲਾਕੇ ਦੇ ਲੋਕਾਂ ਵਿੱਚ ਵੀ ਚਿੰਤਾ



ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਮੰਗ ਕੀਤੀ ਕਿ ਸਬੰਧਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਫੈਕਟਰੀ ਦੀ ਅਚਨਚੇਤ ਅਤੇ ਵਿਸਥਾਰਪੂਰਵਕ ਜਾਂਚ ਕਰਵਾਈ ਜਾਵੇ, ਤਾਂ ਜੋ ਫੈਕਟਰੀ ਦੇ ਸੰਚਾਲਨ ਅਤੇ ਵਾਤਾਵਰਨ ਨਾਲ ਸਬੰਧਤ ਤੱਥਾਂ ਦੀ ਸਹੀ ਸਥਿਤੀ ਸਾਹਮਣੇ ਆ ਸਕੇ। ਉਨ੍ਹਾਂ ਕਿਹਾ ਕਿ ਜੇਕਰ ਜਾਂਚ ਦੌਰਾਨ ਕਿਸੇ ਵੀ ਤਰ੍ਹਾਂ ਦਾ ਪ੍ਰਦੂਸ਼ਣ ਜਾਂ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਲੋਕ ਹਿੱਤ ਵਿੱਚ ਸਬੰਧਤ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ। ਸਰਪੰਚਾਂ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਦੀ ਸਿਹਤ ਅਤੇ ਵਾਤਾਵਰਨ ਨਾਲ ਜੁੜੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪੂਰੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ, ਤਾਂ ਜੋ ਲੋਕਾਂ ਵਿੱਚ ਪੈਦਾ ਹੋ ਰਹੀਆਂ ਚਿੰਤਾਵਾਂ ਦਾ ਤੱਥਾਂ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾ ਸਕੇ। ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਸੌਂਪਣ ਵਾਲਿਆਂ ਵਿੱਚ ਸਰਪੰਚ ਘਨੌਰ ਕਲਾਂ, ਸਰਪੰਚ ਬੁਗਰਾ, ਸਰਪੰਚ ਜਹਾਂਗੀਰ, ਸਰਪੰਚ ਘਨੌਰ ਖੁਰਦ ਅਤੇ ਸਰਪੰਚ ਬਾਦਸ਼ਾਹਪੁਰ ਸ਼ਾਮਲ ਸਨ।

## ਸ਼ੋਕ ਸਮਾਚਾਰ: ਸੰਜੀਵ ਸ਼ਰਮਾ ਦੀ ਧਰਮਪਤਨੀ ਸੀਮਾ ਰਾਣੀ ਨਿਮਿੱਤ ਅੰਤਿਮ ਅਰਦਾਸ ਅਤੇ ਭੋਗ ਮੋਤੀਪੁਰਾ ਮੰਦਰ ਵਿਖੇ ਸ਼ਰਧਾਪੂਰਵਕ ਸੰਪੰਨ

ਨਾਭਾ 11 ਅਗਸਤ (ਰਣਧੀਰ ਸਿੰਘ/ਬਹਾਦਰ ਸਿੰਘ ਭੀਲੋਵਾਲ) ਇਲਾਕੇ ਦੇ ਸਮਾਜਿਕ ਅਤੇ ਰਾਜਨੀਤਿਕ ਹਲਕਿਆਂ ਵਿੱਚ ਉਸ ਵੇਲੇ ਗਹਿਰੇ ਸ਼ੋਕ ਦੀ ਲਹਿਰ ਦੌੜ ਗਈ, ਜਦੋਂ ਸੰਜੀਵ ਸ਼ਰਮਾ ਦੀ ਧਰਮਪਤਨੀ ਸਵਰਗੀ ਸੀਮਾ ਰਾਣੀ, ਜੋ ਕਿ ਸੀਨੀਅਰ ਆਗੂ ਰਣਧੀਰ ਸਿੰਘ ਨਾਭਾ ਦੀ ਚਾਚੀ ਸੱਸ ਸਨ, ਨਿਮਿੱਤ ਅੰਤਿਮ ਅਰਦਾਸ ਅਤੇ ਸ਼ਾਂਤੀ ਪਾਠ ਦਾ ਭੋਗ ਮੋਤੀਪੁਰਾ ਮੰਦਰ ਵਿਖੇ ਪੂਰੀ ਸ਼ਰਧਾ, ਭਾਵਨਾ ਅਤੇ ਸਤਿਕਾਰ ਨਾਲ ਪਾਇਆ ਗਿਆ। ਇਸ ਦੁਖਦ ਸਮੇਂ ਦੌਰਾਨ ਵਿਛੜੀ ਰੂਹ ਨੂੰ ਸ਼ਰਧਾਂਜਲੀਆਂ ਭੇਟ ਕਰਨ ਲਈ ਇਲਾਕੇ ਦੀਆਂ ਪ੍ਰਮੁੱਖ ਰਾਜਨੀਤਿਕ, ਸਮਾਜਿਕ, ਪ੍ਰਸ਼ਾਸਨਿਕ ਅਤੇ ਪੱਤਰਕਾਰਤਾ ਜਗਤ ਨਾਲ ਜੁੜੀਆਂ ਸ਼ਖਸੀਅਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਵਾਈ। ਵਿਛੜੀ ਰੂਹ ਨੂੰ ਸ਼ਰਧਾਂਜਲੀ ਦੇਣ ਪਹੁੰਚੀਆਂ ਪ੍ਰਮੁੱਖ ਸ਼ਖਸੀਅਤਾਂ ਮੋਤੀਪੁਰਾ ਮੰਦਰ ਵਿਖੇ ਆਯੋਜਿਤ ਸ਼ੋਕ ਸਭਾ ਦੌਰਾਨ ਨਾਭਾ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਬੀਜੇਪੀ ਪਾਰਟੀ ਨਾਭਾ ਇੰਚਾਰਜ ਗੁਰਪ੍ਰੀਤ ਸਿੰਘ ਸ਼ਾਹਪੁਰ, ਫਿਰੋਜ਼ ਖਾਨ ਭੋਲਾ
ਉਹਨਾਂ ਨੇ ਪੀੜਤ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਿਵਾਰ ਵਿੱਚੋਂ ਕਿਸੇ ਜੀਅ ਦਾ ਅਚਾਨਕ ਚਲੇ ਜਾਣਾ ਇੱਕ ਅਜਿਹਾ ਘਾਟਾ ਹੈ, ਜਿਸ ਨੂੰ ਕਦੇ ਪੂਰਾ ਨਹੀਂ ਕੀਤਾ ਜਾ ਸਕਦਾ।
ਇਸ ਦੇ ਨਾਲ ਹੀ ਇਲਾਕੇ ਦੇ ਗੌਰਵਮਈ ਨੇਤਾ ਰਾਮ ਕ੍ਰਿਸ਼ਨ ਭੱਲਾ ਨੇ ਵੀ ਪਰਿਵਾਰ ਨਾਲ ਹਮਦਰਦੀ ਜਤਾਈ ਅਤੇ ਵਿਛੜੀ ਆਤਮਾ ਦੀ ਆਤਮਿਕ ਸ਼ਾਂਤੀ ਲਈ ਈਸ਼ਵਰ ਅੱਗੇ ਪ੍ਰਾਰਥਨਾ ਕੀਤੀ। ਸਥਾਨਕ ਨੁਮਾਇੰਦਿਆਂ ਅਤੇ ਸਮਾਜਿਕ ਆਗੂਆਂ ਦੀ ਹਾਜ਼ਰੀ । ਸ਼ੋਕ ਸਮਾਗਮ ਵਿੱਚ ਸਥਾਨਕ ਵਾਰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਅਤੇ ਰਾਜਨੀਤਿਕ ਆਗੂਆਂ ਨੇ ਵੀ ਪਰਿਵਾਰ ਦੇ ਦੁੱਖ ਵਿੱਚ ਸ਼ਰੀਕ ਹੋ ਕੇ ਸੰਵੇਦਨਾਵਾਂ ਪ੍ਰਗਟ ਕੀਤੀਆਂ: ਵਾਰਡ ਨੰਬਰ 11: ਐਮ।ਸੀ। ਗੀਤਾ ਡੱਲਾ ਦੇ ਪਤੀ ਅਤੇ ਸਮਾਜ ਸੇਵੀ ਵਿਕਰਮ ਡੱਲਾ ਨੇ ਪਹੁੰਚ ਕੇ ਪਰਿਵਾਰ ਨੂੰ ਇਸ ਔਖੀ ਘੜੀ ਵਿੱਚ ਧੀਰਜ ਧਾਰਨ ਕਰਨ ਦੀ ਪ੍ਰੇਰਨਾ ਦਿੱਤੀ। ਵਾਰਡ ਨੰਬਰ 10: ਐਮ.ਸੀ ਨੀਸ਼ਾ ਬਾਂਸਲ ਨੇ ਸ਼ੋਕ ਵਿਅਕਤ ਕਰਦਿਆਂ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ। ਚਰਨਜੀਤ ਬਾਤਿਸ਼, ਹਰਮੇਸ਼ ਮੇਸ਼ੀ, ਗੁਰਤੇਜ ਸਿੰਘ ਥੂਹੀ, ਮਨਦੀਪ ਕੋਸ਼ਿਕ ਅਤੇ ਰਮਨ ਭਾਟੀਆ ਨੇ ਵੀ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਪਰਿਵਾਰ ਉੱਤੇ ਆਈ ਇਸ ਦੁੱਖ ਦੀ ਘੜੀ ਵਿੱਚ ਪੂਰਾ ਇਲਾਕਾ ਉਹਨਾਂ ਦੇ ਨਾਲ ਖੜ੍ਹਾ ਹੈ। ਪ੍ਰੈਸ ਕਲੱਬ ਨਾਭਾ ਵੱਲੋਂ ਸਮੂਹਿਕ ਸ਼ਰਧਾਂਜਲੀ : ਇਸ ਸ਼ੋਕ ਸਮਾਗਮ ਵਿੱਚ ਪੂਰੇ ਪ੍ਰੈਸ ਕਲੱਬ ਨਾਭਾ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਵਾਈ



ਗਈ। ਪੱਤਰਕਾਰ ਭਾਈਚਾਰੇ ਦੇ ਸਮੂਹ ਮੈਂਬਰਾਂ ਨੇ ਸੰਜੀਵ ਸ਼ਰਮਾ, ਰਣਧੀਰ ਸਿੰਘ ਨਾਭਾ ਅਤੇ ਸਮੁੱਚੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਪ੍ਰੈਸ ਕਲੱਬ ਦੇ ਨੁਮਾਇੰਦਿਆਂ ਨੇ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਪੱਤਰਕਾਰ ਭਾਈਚਾਰਾ ਪਰਿਵਾਰ ਦੇ ਨਾਲ ਹਮਦਰਦੀ ਨਾਲ ਖੜ੍ਹਾ ਹੈ ਅਤੇ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹੈ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ। ਰਿਸ਼ਤੇਦਾਰਾਂ ਅਤੇ ਸਨੇਹੀਆਂ ਵੱਲੋਂ ਦੁੱਖ ਦਾ ਪ੍ਰਗਟਾਵਾ : ਸਮਾਗਮ ਦੌਰਾਨ ਦੂਰ੍ਦੁਰਾਡੇ ਤੋਂ ਆਏ ਪਰਿਵਾਰਕ ਰਿਸ਼ਤੇਦਾਰਾਂ, ਸਾਕ੍ਸੰਬੰਧੀਆਂ, ਮਿੱਤਰਾਂ ਅਤੇ ਸਨੇਹੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਸਾਰਿਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਸਵਰਗੀ ਸੀਮਾ ਰਾਣੀ ਦੀਆਂ ਅੱਛੀਆਂ ਯਾਦਾਂ ਅਤੇ ਉਹਨਾਂ ਦੇ ਸੁਲਝੇ ਹੋਏ ਸੁਭਾਅ ਨੂੰ ਯਾਦ ਕੀਤਾ। ਸਮਾਗਮ ਦੇ ਅੰਤ ਵਿੱਚ ਪਰਿਵਾਰ ਦੇ ਮੈਂਬਰਾਂ ਨੇ ਸ਼ੋਕ ਸਭਾ ਵਿੱਚ ਪਹੁੰਚੀਆਂ ਸਾਰੀਆਂ ਸ਼ਖਸੀਅਤਾਂ, ਰਾਜਨੀਤਿਕ, ਸਮਾਜਿਕ ਆਗੂਆਂ, ਪ੍ਰੈਸ ਕਲੱਬ ਦੇ ਮੈਂਬਰਾਂ ਅਤੇ ਰਿਸ਼ਤੇਦਾਰਾਂ ਦਾ ਧੰਨਵਾਦ ਕੀਤਾ, ਜਿਹਨਾਂ ਨੇ ਇਸ ਅਤਿ ਦੁਖਦ ਸਮੇਂ ਵਿੱਚ ਆ ਕੇ ਪਰਿਵਾਰ ਦਾ ਹੌਂਸਲਾ ਵਧਾਇਆ।

## ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਸਫ਼ਾਈ ਮਜ਼ਦੂਰ ਯੂਨੀਅਨ ਦਾ ਸਨਮਾਨ

ਧੂਰੀ, 10 ਅਗਸਤ (ਸੁਖਵਿੰਦਰ ਪਲਾਹਾ) ਆਪਣੀਆਂ ਹੱਕੀ ਮੰਗਾਂ ਲਈ ਪਿਛਲੇ ਮਹੀਨੇ ਭਰ ਤੋਂ ਸੰਘਰਸ਼ ਕਰਨ ਉਪਰੰਤ, ਸਰਕਾਰ ਵੱਲੋਂ ਮੰਗਾਂ ਮੰਨੇ ਜਾਣ ਤੇ ਜੇਤੂ ਰੈਲੀਆਂ ਕਰਨ ਉਪਰੰਤ ਪੰਜਾਬ ਸਫਾਈ ਸੇਵਕ ਮਜ਼ਦੂਰ ਯੂਨੀਅਨ ਨੇ ਆਪਣਾ ਕੰਮ ਕਾਰ ਮੁੜ ਤੋਂ ਸੰਭਾਲ ਲਿਆ ਹੈ ਅਤੇ ਪੰਜਾਬ ਨੂੰ ਸਾਫ ਸੁਥਰਾ ਤੇ ਸੁਰੱਖਿਅਤ ਬਣਾਉਣ ਲਈ ਦਿਨ ਰਾਤ ਮਿਹਨਤ ਕਰਨੀ ਸ਼ੁਰੂ ਕਰ ਦਿੱਤੀ ਹੈ। ਉਹਨਾਂ ਦੇ ਜ਼ੋਰਦਾਰ ਸੰਘਰਸ਼ ਦੀ ਇਸ ਪ੍ਰਾਪਤੀ ਤੇ ਸਹਿਯੋਗੀ ਜਨਤਕ ਜਥੇਬੰਦੀਆਂ ਨੇ ਉਹਨਾਂ ਦਾ ਹੌਸਲਾ ਵਧਾਇਆ ਹੈ। ਅੱਜ ਇਸੇ ਲੜੀ ਵਜੋਂ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ ਧੂਰੀ ਨੇ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਹੇਠ ਧੂਰੀ ਦੀ ਸਫਾਈ ਸੇਵਕਾਂ ਦੀ ਜਥੇਬੰਦੀ ਦੇ ਪ੍ਰਧਾਨ ਮਨੋਜ ਰਾਣੀ ਦੇ ਨਾਲ ਯੂਨੀਅਨ ਦੇ ਆਗੂ ਸਫਾਈ ਸੇਵਕਾਂ ਦਾ ਸਨਮਾਨ ਕੀਤਾ ਅਤੇ ਉਹਨਾਂ ਨੂੰ ਆਉਣ ਵਾਲੇ ਸੰਘਰਸ਼ਾਂ ਵਿੱਚ



ਹਰ ਕਿਸਮ ਦੇ ਸਮਰਥਨ ਅਤੇ ਸਹਿਯੋਗ ਦਾ ਭਰੋਸਾ ਦਿੱਤਾ। ਇਥੇ ਇਹ ਵੀ ਵਰਨਣਯੋਗ ਹੈ ਕਿ ਪੈਨਸ਼ਨਰ ਐਸੋਸੀਏਸ਼ਨ ਨੇ ਸੰਘਰਸ਼ ਦੌਰਾਨ ਸਫਾਈ ਮਜ਼ਦੂਰ ਯੂਨੀਅਨ ਦੀ ਡਟਵੀਂ ਹਮਾਇਤ ਕੀਤੀ ਸੀ ਅਤੇ ਹਰ ਪ੍ਰੋਗਰਾਮ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਸੀ । ਇਸ ਮੌਕੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਜਨਰਲ ਸਕਤਰ ਡਾਕਟਰ ਅਮਰਜੀਤ ਸਿੰਘ ਸੀਨੀਅਰ ਆਗੂ ਚਰਨਜੀਤ ਸਿੰਘ ਕੈਥ, ਇੰਦਰਜੀਤ ਸ਼ਰਮਾ, ਮੱਘਰ ਸਿੰਘ, ਦਰਸ਼ਨ ਸਿੰਘ ਧਾਂਦਰਾ, ਓਂਕਾਰ ਸ਼ਰਮਾ, ਰਲਾ ਸਿੰਘ, ਹਰਬੰਸ ਸਿੰਘ, ਜਾਗਰ ਸਿੰਘ, ਮਨੋਹਰ ਲਾਲ, ਅਵਤਾਰ ਸਿੰਘ ਮੂਕਰ, ਸਰਬਜੀਤ ਸਿੰਘ, ਫ਼ਕੀਰ ਸਿੰਘ, ਕਰਮਜੀਤ ਸਿੰਘ , ਰਾਮ ਲਾਲ, ਸੁਖਦੇਵ ਸਿੰਘ, ਹਰਚਰਨ ਸਿੰਘ ਨਿਰਮਲ ਸਿੰਘ ਸਮੇਤ ਅਨੇਕਾਂ ਪੈਨਸ਼ਨਰ ਹਾਜ਼ਰ ਸਨ।

## ਕਮਲ ਧਾਲੀਵਾਲ ਦੀਆਂ ਹਲਕੇ ਚ ਜ਼ੋਰਦਾਰ ਸਰਗਰਮੀਆਂ ਨੇ ਕਾਂਗਰਸੀ ਵਰਕਰਾਂ ਦੇ ਹੌਸਲੇ ਬੁਲੰਦ ਕੀਤੇ

ਅਮਰਗੜ੍ਹ 11 ਅਗਸਤ (ਹਰਭਗਵਾਨ ਸਿੰਘ ਚੀਮਾਂ/ਸ਼ਮਸ਼ੇਰ ਸਿੰਘ ਖੇੜੀ ਸੋਢੀਆਂ/ ਬਹਾਦਰ ਸਿੰਘ ਭੀਲੋਵਾਲ) ਵਿਧਾਨ ਸਭਾ ਹਲਕਾ ਅਮਰਗੜ੍ਹ ਅੰਦਰ ਕਾਂਗਰਸ ਆਗੂ ਕਮਲ ਧਾਲੀਵਾਲ ਦੀਆਂ ਕਾਂਗਰਸ ਪਾਰਟੀ ਚ ਲਗਾਤਾਰ ਸਰਗਰਮੀਆਂ ਦੇਖਕੇ ਹਲਕੇ ਦੇ ਕਾਂਗਰਸੀ ਵਰਕਰਾਂ ਦੇ ਹੋਸਲੇ ਬੁਲੰਦ ਹੋਣ ਲੱਗੇ ਹਨ। ਉਨ੍ਹਾਂ ਨੂੰ ਕਾਂਗਰਸੀ ਆਗੂ ਕਮਲ ਧਾਲੀਵਾਲ ਵਿੱਚੋਂ ਹਲਕੇ ਦੀ ਅਗਵਾਈ ਕਰਨ ਵਾਲੇ ਭਵਿੱਖ ਦੇ ਆਗੂ ਦੀ ਉਮੀਦ ਦਿਖਾਈ ਦੇਣ ਲੱਗ ਪਈ ਹੈ । ਹਲਕਾ ਅਮਰਗੜ੍ਹ ਦੇ ਲੋਕਾਂ ਦੇ ਹਰ ਦੁੱਖ ਸੁੱਖ ਵਿੱਚ ਹਮੇਸਾ ਹਾਜ਼ਰ ਰਹਿਣ ਵਾਲੇ ਕਮਲ ਧਾਲੀਵਾਲ ਹਲਕੇ ਅੰਦਰ ਹੋਣ ਵਾਲੇ ਹਰ ਖੇਡ ਮੇਲੇ, ਧਾਰਮਿਕ ਅਤੇ ਸਮਾਜਿਕ ਸਮਾਗਮਾਂ ਵਿੱਚ ਨਿਰੰਤਰ ਸ਼ਿਰਕਤ ਕਰ ਰਹੇ ਹਨ। ਉਹਨਾਂ ਵੱਲੋਂ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਮਜ਼ਬੂਤ ਕਰਨ ਦੇ ਲਈ ਦਿਨ੍ਰਾਤ ਸਖਤ ਮਿਹਨਤ ਜਾਰੀ ਹੈ। ਕਮਲ ਧਾਲੀਵਾਲ ਦੀਆਂ ਸਰਗਰਮੀਆਂ ਨੂੰ ਦੇਖ ਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਦੇ ਹੌਸਲੇ ਪੂਰੇ ਸਿਖਰਾਂ ਤੇ ਹਨ । ਹਲਕੇ ਦੇ ਕਾਂਗਰਸੀ ਆਗੂ ਹਰਜਿੰਦਰ ਸਿੰਘ ਕਾਕਾ ਨੱਥੂ ਮਾਜਰਾ ਸਾਬਕਾ ਚੇਅਰਮੈਨ ਮਾਰਕੀਟ



ਕਮੇਟੀ, ਪ੍ਰਧਾਨ ਪ੍ਰਿੰਸ ਜੋਸ਼ੀ ਰੌਕੀ ਤੇ ਗੁਰਪ੍ਰੀਤ ਸਿੰਘ ਬਾਬਾ ਸੂਬਾ ਜਨਰਲ ਸਕੱਤਰ ਕਾਂਗਰਸ ਐਸਸੀ ਸੈੱਲ ਨੇ ਆਖਿਆ ਕਿ ਕਮਲ ਧਾਲੀਵਾਲ ਨੇ ਆਪਣੀਆਂ ਜ਼ੋਰਦਾਰ ਸਰਗਰਮੀਆਂ ਨਾਲ਼ ਹਲਕੇ ਦੀ ਕਾਂਗਰਸ ਪਾਰਟੀ ਅੰਦਰ ਨਵੀਂ ਜਾਨ ਪਾ ਦਿੱਤੀ ਹੈ ; ਧਾਲੀਵਾਲ ਆਪਣੇ ਮਿਲਾਪੜੇ ਸੁਭਾਅ ਤੇ ਚੰਗੀ ਸ਼ਖਸ਼ੀਅਤ ਹੋਣ ਕਰਕੇ ਹਲਕੇ ਦੇ ਹਰ ਇੱਕ ਵਿਅਕਤੀ ਨੂੰ ਆਪਣੇ ਨਾਲ ਤੋਰ ਰਹੇ ਹਨ।
ਹਲਕਾ ਅਮਰਗੜ੍ਹ ਦੇ ਲੋਕਾਂ ਦੀ ਪਹਿਲੀ ਪਸੰਦ ਦਾ ਆਗੂ ਹੋਣ ਕਾਰਨ ਕਮਲ ਧਾਲੀਵਾਲ ਬਹੁਤ ਵੱਡੇ ਅੰਤਰ ਦੇ ਨਾਲ ਇਹ ਸੀਟ ਜਿੱਤ ਕੇ ਕਾਂਗਰਸ ਪਾਰਟੀ ਦੀ ਝੋਲੀ ਵਿੱਚ ਪਾਉਣਗੇ। ਇਸ ਮੌਕੇ ਬਲਾਕ ਕਾਂਗਰਸ ਸ਼ਹਿਰੀ ਪ੍ਰਧਾਨ ਮਹਿੰਦਰ ਸਿੰਘ,ਜਿਲ੍ਹਾ ਪੰਚਾਇਤੀ ਰਾਜ ਸੰਗਠਨ ਦੇ ਪ੍ਰਧਾਨ ਭੁਪਿੰਦਰ ਸਿੰਘ ਲਾਂਗੜੀਆਂ, ਸੀਨੀਅਰ ਕਾਂਗਰਸ ਆਗੂ ਚਤਿੰਨ ਸਿੰਘ ਚੌਂਦਾ,ਅਮਰਿੰਦਰ ਸਿੰਘ ਭੁੱਲਰ,ਹਲਕਾ ਯੂਥ ਪ੍ਰਧਾਨ ਬਬਲੂ ਮਾਹੋਰਾਣਾ,ਲਖਵੀਰ ਸਿੰਘ ਨਿੱਕਾ, ਸਾਬਕਾ ਮੈਂਬਰ ਬਲਾਕ ਸੰਮਤੀ ਦੀਪਾ ਲਸੋਈ, ਹਰਪ੍ਰੀਤ ਸਿੰਘ ਸੋਹੀ ਬਾਗੜੀਆਂ, ਬਲਵੰਤ ਸਿੰਘ ਭੱਟੀ,ਸੇਠੀ ਨਿਆਮਤਪੁਰ, ਧਰਮਾਂ ਬਗੜੀਆਂ, ਹਰਪ੍ਰੀਤ ਸਿੰਘ ਫੌਜੀ ਭੱਟੀਆਂ ਖੁਰਦ, ਰਮੇਸ਼ ਕੁਮਾਰ, ਸਾਬਕਾ ਪੰਚ ਰੂਪ ਸਿੰਘ, ਚੇਤਨ ਜੋਸ਼ੀ ਆਦਿ ਹਾਜ਼ਰ ਸਨ।

## ਓ.ਐਸ.ਡੀ ਸੁਖਵੀਰ ਸਿੰਘ ਨੇ ਅਨਾਜ ਮੰਡੀ ਧੂਰੀ ਵਿਖੇ 9 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ

### ਧੂਰੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੀਤੇ ਜਾ ਰਹੇ ਵਿਕਾਸ ਕਾਰਜ: ਓ.ਐਸ.ਡੀ

ਧੂਰੀ, 11 ਅਗਸਤ (ਸੁਖਵਿੰਦਰ ਸਿੰਘ ਪਲਾਹਾ/ਸੁਰਿੰਦਰ ਸਿੰਘ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਧੂਰੀ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਓ।ਐਸ।ਡੀ। ਸੁਖਵੀਰ ਸਿੰਘ ਨੇ ਅੱਜ ਅਨਾਜ ਮੰਡੀ ਧੂਰੀ ਵਿਖੇ ਕਰੀਬ 9 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਸੰਬੋਧਨ ਕਰਦਿਆਂ ਓ।ਐਸ।ਡੀ। ਸੁਖਵੀਰ ਸਿੰਘ ਨੇ ਕਿਹਾ ਕਿ ਅਨਾਜ ਮੰਡੀ ਧੂਰੀ ਵਿਖੇ ਹੋਣ ਵਾਲੇ ਇਨ੍ਹਾਂ ਵਿਕਾਸ ਕਾਰਜਾਂ ਨਾਲ ਆੜ੍ਹਤੀਆਂ, ਕਿਸਾਨਾਂ, ਮਜ਼ਦੂਰਾਂ ਅਤੇ ਮੰਡੀ ਵਿੱਚ ਆਉਣ ਵਾਲੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਪ੍ਰਾਜੈਕਟ ਤਹਿਤ ਸੀ।ਸੀ। ਰੋਡ ਦੀ ਉਸਾਰੀ, ਫੜਾਂ ਅਤੇ ਪਾਰਕਿੰਗ ਦੀ ਡੀ।ਬੀ। ਫਲੋਰਿੰਗ, ਸੜਕਾਂ ਦੀ ਉਸਾਰੀ ਤੇ ਪੈਚ ਵਰਕ, ਚਾਰਦੀਵਾਰੀ ਅਤੇ ਗੇਟ ਦੀ ਉਸਾਰੀ, ਪਾਰਕਿੰਗ ਦੇ ਨਾਲ ਪਾਈਪ ਲਾਈਨ ਵਿਛਾਉਣ, ਸ਼ੈਡਾਂ ਉੱਤੇ ਪਰਨਾਲੇ ਲਗਾਉਣ, ਟਾਇਲਟ ਦੀ ਉਸਾਰੀ ਅਤੇ ਸਬਜ਼ੀ ਮੰਡੀ ਦੀ ਮੁਰੰਮਤ ਸਮੇਤ ਕਈ ਕੰਮ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਨਵੀਂ ਅਨਾਜ ਮੰਡੀ ਧੂਰੀ ਵਿਖੇ ਟਾਇਲਟ ਬਲਾਕ ਅਤੇ ਕੈਟਲ ਕੈਚਰ ਵੀ ਬਣਾਏ ਜਾਣਗੇ। ਇਸ ਤੋਂ ਇਲਾਵਾ ਮੰਡੀ ਦੀਆਂ ਫੜਾਂ ਨੂੰ ਉੱਚਾ ਕੀਤਾ ਜਾਵੇਗਾ, ਜਿਸ ਨਾਲ ਬਰਸਾਤ ਦੇ ਮੌਸਮ ਦੌਰਾਨ ਪਾਣੀ ਖੜ੍ਹਾ ਹੋਣ ਦੀ ਸਮੱਸਿਆ ਨੂੰ ਘਟਾਉਣ ਵਿੱਚ ਮਦਦ ਮਿਲੇਗੀ। ਮੰਡੀ ਦੀਆਂ ਸੜਕਾਂ ਨੂੰ ਵੀ ਬਿਹਤਰ ਬਣਾਇਆ ਜਾਵੇਗਾ ਅਤੇ ਸਾਈਡਾਂ ਤੋਂ ਆਉਣ ਵਾਲੇ ਪਾਣੀ ਦੀ ਨਿਕਾਸੀ ਲਈ ਢੁਕਵਾਂ ਪ੍ਰਬੰਧ ਕੀਤਾ ਜਾਵੇਗਾ। ਓ.ਐਸ.ਡੀ ਨੇ ਕਿਹਾ ਕਿ ਧੂਰੀ ਸ਼ਹਿਰ ਦੀਆਂ ਲੋੜਾਂ ਅਤੇ ਲੋਕਾਂ ਵੱਲੋਂ ਉਠਾਏ ਜਾ ਰਹੇ ਮੁੱਦਿਆਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਨ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਬਿਜਲੀ ਸਬੰਧੀ ਕੰਮਾਂ, ਸੂਏ ਨੂੰ ਕਵਰ ਕਰਨ, ਸੀਵਰੇਜ ਟ੍ਰੀਟਮੈਂਟ ਪਲਾਂਟ (ਐਸ.ਟੀ.ਪੀ) ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਪ੍ਰਾਜੈਕਟਾਂ 'ਤੇ ਵੀ ਕੰਮ ਕੀਤਾ ਜਾ ਰਿਹਾ ਹੈ। ਓ.ਐਸ.ਡੀ ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ



ਵਧਾਇਆ ਜਾ ਰਿਹਾ ਹੈ ਅਤੇ ਧੂਰੀ ਸ਼ਹਿਰ ਵਿੱਚ ਹੁਣ ਤੱਕ ਕਈ ਕਰੋੜ ਰੁਪਏ ਦੇ ਵੱਖ੍ਵੱਖ ਵਿਕਾਸ ਪ੍ਰਾਜੈਕਟ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਅਤੇ ਲੋੜਾਂ ਸਬੰਧੀ ਦਿੱਤੇ ਜਾ ਰਹੇ ਸੁਝਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਇਨ੍ਹਾਂ ਦੇ ਹੱਲ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਤਿੰਦਰ ਸਿੰਘ ਸੋਨੀ ਮੰਡੇਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਮੰਡੀ ਬੋਰਡ ਦੇ ਐਕਸੀਅਨ ਪੁਨੀਤ, ਐਸ.ਡੀ.ਓ ਰਤਨਦੀਪ ਸਿੰਘ, ਗਗਨ ਜਵੰਧਾ ਪ੍ਰਧਾਨ ਟਰੱਕ ਯੂਨੀਅਨ , ਬਲਵਿੰਦਰ ਸਿੰਘ ਬਿੱਲੂ, ਡਾ. ਮੇਜਰ ਸਿੰਘ, ਸ਼ਮੀਰ ਕੁਮਾਰ ਸ਼ਮੀ, ਮਲਕੀਤ ਸਿੰਘ ਅਤੇ ਸ਼ਾਮ ਲਾਲ ਸ਼ਰਮਾ ਸਮੇਤ ਮੰਡੀ ਦੇ ਆੜ੍ਹਤੀ, ਕਿਸਾਨ ਅਤੇ ਹੋਰ ਸਬੰਧਤ ਧਿਰਾਂ ਹਾਜ਼ਰ ਸਨ। ਇਸ ਮੌਕੇ ਮੰਡੀ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਲਈ ਆੜ੍ਹਤੀਆਂ ਅਤੇ ਕਿਸਾਨਾਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।

ਅਖਬਾਰ ਵਿੱਚ ਪ੍ਰਕਾਸ਼ਿਤ ਖ਼ਬਰਾਂ, ਲੇਖਾਂ, ਇਸ਼ਤਿਹਾਰਾਂ ਅਤੇ ਪਾਠਕਾਂ ਵੱਲੋਂ ਭੇਜੀ ਗਈ ਸਮੱਗਰੀ ਵਿੱਚ ਪ੍ਰਗਟ ਕੀਤੇ ਗਏ ਵਿਚਾਰ ਸੰਬੰਧਿਤ ਲੇਖਕਾਂ, ਸੰਵਾਦਦਾਤਾਵਾਂ ਜਾਂ ਵਿਗਿਆਪਨਦਾਤਾਵਾਂ ਦੇ ਨਿੱਜੀ ਵਿਚਾਰ ਹਨ। ਇਨ੍ਹਾਂ ਨਾਲ ਡੀ.ਡੀ.ਐਸ ਨਿਊਜ਼ ਦੇ ਸੰਪਾਦਕ, ਪ੍ਰਕਾਸ਼ਕ ਜਾਂ ਪ੍ਰਬੰਧਨ ਦਾ ਸਹਿਮਤ ਹੋਣਾ ਲਾਜ਼ਮੀ ਨਹੀਂ ਹੈ। ਕਿਸੇ ਵੀ ਇਸ਼ਤਿਹਾਰ ਜਾਂ ਦਾਅਵੇ ਦੀ ਸੱਚਾਈ ਦੀ ਜ਼ਿੰਮੇਵਾਰੀ ਸੰਬੰਧਿਤ ਵਿਗਿਆਪਨਦਾਤਾ ਦੀ ਹੋਵੇਗੀ। ਕਿਸੇ ਵੀ ਵਿਵਾਦ ਦੀ ਸੂਰਤ ਵਿੱਚ ਅਦਾਲਤੀ ਅਧਿਕਾਰ ਖੇਤਰ ਸੰਬੰਧਿਤ ਕਾਨੂੰਨਾਂ ਅਨੁਸਾਰ ਹੋਵੇਗਾ।

# ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਦੀਆਂ ਤਿਆਰੀਆਂ ਸੰਬੰਧੀ ਧੂਰੀ ਚ ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ ਹੋਈ

ਧੂਰੀ, 10 ਅਗਸਤ (ਸੁਖਵਿੰਦਰ ਪਲਾਹਾ/ਹਰਭਗਵਾਨ ਸਿੰਘ ਚੀਮਾਂ) ਸ਼੍ਰੋਮਣੀ ਅਕਾਲੀ ਦਲ ਵੱਲੋਂ ਅਮਨ੍ਸ਼ਾਂਤੀ ਅਤੇ ਭਾਈਚਾਰਕ ਸਾਂਝ ਦੇ ਪ੍ਰਤੀਕ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ 20 ਅਗਸਤ ਨੂੰ ਮਨਾਈ ਜਾ ਰਹੀ ਬਰਸੀ ਦੇ ਸਬੰਧ ਵਿੱਚ ਤਿਆਰੀਆਂ ਨੂੰ ਅੰਤਿਮ ਛੋਹਾਂ ਦੇਣ ਲਈ ਇੱਕ ਉਚੇਚੀ ਮੀਟਿੰਗ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਦੀ ਅਗਵਾਈ ਹੇਠ ਸਥਾਨਕ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਹੋਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਅਤੇ ਐਸ.ਜੀ.ਪੀ.ਸੀ ਮੈਂਬਰ ਭੁਪਿੰਦਰ ਸਿੰਘ ਭਲਵਾਨ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਦੁਆਰਾ ਪੰਥ, ਪੰਜਾਬ ਅਤੇ ਇਨਸਾਫ਼ ਦੀ ਬਹਾਲੀ ਲਈ ਦਿੱਤੇ ਵੱਡੇ ਯੋਗਦਾਨ ਅਤੇ ਕੁਰਬਾਨੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਯਾਦ ਕੀਤਾ। ਆਗੂਆਂ ਨੇ ਆਖਿਆ ਕਿ 20 ਅਗਸਤ ਨੂੰ ਮਨਾਏ ਜਾ ਰਹੇ ਸ਼ਹੀਦੀ ਸਮਾਗਮ ਨੂੰ ਸਫ਼ਲ ਬਣਾਉਣ ਲਈ ਹਲਕਾ ਧੂਰੀ ਤੋਂ ਅਕਾਲੀ ਵਰਕਰ ਅਤੇ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਵਾਉਣਗੀਆਂ। ਇਸ ਦੌਰਾਨ ਪਿੰਡ੍ਪਿੰਡ ਲਾਮਬੰਦੀ ਕਰਨ ਅਤੇ ਸੰਗਤਾਂ ਦੀ ਆਵਾਜਾਈ ਲਈ ਵਿਸ਼ੇਸ਼ ਪ੍ਰਬੰਧ ਕਰਨ ਸਬੰਧੀ ਵੀ ਵਿਚਾਰ੍ਵਟਾਂਦਰਾ ਕੀਤਾ ਗਿਆ।

ਇਸ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਸੀਨੀਅਰ ਅਕਾਲੀ ਦਲ ਆਗੂ ਨਿਰਭੈ ਸਿੰਘ ਹੇੜੀਕੇ , ਗੁਰਸੇਵਕ ਸਿੰਘ ਕਾਤਰੋਂ ਯੂਥ ਆਗੂ, ਹਰਨੇਕ ਸਿੰਘ ਦੀਵਾਨਾ, ਸੰਜੀਵ ਕੁਮਾਰ ਪਿੰਟਾ, ਰਵੀਇੰਦਰ ਸਿੰਘ ਈਸੜਾ, ਰਮਨ ਸਿੰਘ ਕੱਕੜਵਾਲ,ਹੰਸ ਰਾਜ ਬਜਾਜ, ਧਰਮਪਾਲ ਗਰਗ, ਸੱਤਾ ਕਾਂਝਲਾ,ਗੁਰਦਿਆਲ ਸਿੰਘ,ਸੇਖੋ ਭੋਲਾ, ਬਿੱਕਰ ਸਿੰਘ, ਸ਼ੇਰਪੁਰ ਸੋਢੀਆਂ ਅਤੇ ਅਮਰੀਕ ਸਿੰਘ ਬਰੜ੍ਹਵਾਲ,ਜਗਰੂਪ ਸਿੰਘ ਧੂਰੀ,ਜੀਵਨ ਸਿੰਘ,ਗੁਰਮੀਤ ਸਿੰਘ ਕਾਤਰੋਂ ਵਰਗੇ ਸਰਗਰਮ ਆਗੂ ਤੇ ਪਾਰਟੀ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਹਰਦੇਵ ਸਿੰਘ ਜਵੰਧਾ ਬਣੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੂਬਾ ਮੀਤ ਪ੍ਰਧਾਨ

ਧੂਰੀ (ਸੁਖਵਿੰਦਰ ਪਲਾਹਾ) ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪਾਰਟੀ ਨੂੰ ਸੂਬਾ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਨ੍ਹਾਂ ਨਿਯੁਕਤੀਆਂ ਤਹਿਤ ਧੂਰੀ ਹਲਕੇ ਨਾਲ ਸਬੰਧਤ ਉੱਘੇ ਮੁਲਾਜ਼ਮ ਆਗੂ ਅਤੇ ਅਧਿਆਪਕ ਦਲ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਹਰਦੇਵ ਸਿੰਘ ਜਵੰਧਾ ਨੂੰ ਪਾਰਟੀ ਦਾ ਸੂਬਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।



ਜ਼ਿਕਰਯੋਗ ਹੈ ਕਿ ਸ. ਜਵੰਧਾ ਨੇ ਆਪਣੀ ਸਰਵਿਸ ਦੌਰਾਨ ਅਧਿਆਪਕ ਵਰਗ ਦੀ ਜਥੇਬੰਦੀ ਅਧਿਆਪਕ ਦਲ ਪੰਜਾਬ ਵਿੱਚ ਵੱਖ੍ਵੱਖ ਅਹੁਦਿਆਂ 'ਤੇ ਰਹਿੰਦਿਆਂ ਨਿਸ਼ਕਾਮ ਅਤੇ ਅਣਥੱਕ ਸੇਵਾਵਾਂ ਨਿਭਾਈਆਂ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਬਤੌਰ ਅਧਿਆਪਕ ਸ਼ਾਨਦਾਰ ਅਤੇ ਮਾਣਮੱਤੀਆਂ ਸੇਵਾਵਾਂ ਨਿਭਾਉਂਦਿਆਂ ਸਟੇਟ ਐਵਾਰਡ ਅਤੇ ਰਾਸ਼ਟਰਪਤੀ ਐਵਾਰਡ ਵੀ ਪ੍ਰਾਪਤ ਕੀਤੇ ਹਨ।

ਆਪਣੀ ਨਿਯੁਕਤੀ 'ਤੇ ਸ. ਹਰਦੇਵ ਸਿੰਘ ਜਵੰਧਾ ਨੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਅਤੇ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਮਜ਼ਬੂਤੀ ਲਈ ਹਰ ਸੰਭਵ ਯਤਨ ਕਰਨਗੇ।

# ਸਾਹਿਤ ਸਭਾ ਵੱਲੋਂ ਬਾਲਿਆਂਵਾਲੀ ਵਿਖੇ ਤੀਆਂ ਤੀਜ ਦਾ ਮੇਲਾ 23 ਅਗਸਤ ਨੂੰ

ਬਾਲਿਆਂਵਾਲੀ ਵਾਲੀ 11 ਅਗਸਤ (ਨਸੀਬ ਸ਼ਰਮਾ) ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮਹੀਨਾਵਾਰ ਮੀਟਿੰਗ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ ਅਤੇ ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਕੰਪਿਊਟਰ ਅਤੇ ਸੁਵਿਧਾ ਕੇਂਦਰ ਵਿਖੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸੱਭਿਆਚਾਰਕ ਮਾਮਲੇ ਵਿਭਾਗ ਪੰਜਾਬ ਪਟਿਆਲਾ ਦੇ ਸਹਿਯੋਗ ਮਿਤੀ 23 ਅਗਸਤ 2026 ਦਿਨ ਐਤਵਾਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਬਾਲਿਆਂਵਾਲੀ ਵਿਖੇ ਤੀਆਂ ਤੀਜ ਦੀਆਂ ਦਾ ਮੇਲਾ ਬੜੀ ਧੂਮ ਧਾਮ ਕਰਵਾਇਆ ਜਾ ਰਿਹਾ ਹੈ। ਜਿਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਇਸ ਮੌਕੇ ਲੜਕੀਆਂ ਦਰਮਿਆਨ ਚਰਖਾ ਕੱਤਣਾ, ਸੇਵੀਆਂ ਵੱਟਣਾ, ਲੰਮੀਂ ਹੇਕ, ਪੀਂਘ ਤੇ ਹੀਂਘ ਝੂਟਾਉਣੀ, ਕਿੱਕਲੀ ਪਾਉਣਾ, ਗਿੱਧਾ ਅਤੇ ਸੱਭਿਆਚਾਰਕ ਸਵਾਲ੍ ਜਵਾਬ ਆਦਿ ਮੁਕਾਬਲੇ ਕਰਵਾਏ ਜਾਣਗੇ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਸੱਭਿਆਚਾਰਕ ਕਲਾਕਾਰ ਰਜਨੀ ਬਾਲਾ ਐਂਡ ਪਾਰਟੀ ਵੱਲੋਂ ਵਿਰਸੇ ਦੇ ਗੀਤ ਗਾ ਕੇ ਰੌਣਕ ਲਗਾਈ ਜਾਵੇਗੀ। ਇਸ ਮੌਕੇ ਮੀਟਿੰਗ 'ਚ ਹਾਜ਼ਰ ਸਾਹਿਤਕਾਰਾਂ ਵੱਲੋਂ ਰਚਨਾਵਾਂ ਦੇ ਦੌਰ ਵਿੱਚ ਸੁਖਦਰਸ਼ਨ ਗਰਗ ਵੱਲੋਂ ਤਾਜ਼ਾ ਰੁਬਾਈਆਂ, ਹਰਜਿੰਦਰ ਕੌਰ ਵੱਲੋਂ ਕਵਿਤਾ, ਮਾਂ। ਜੀਤ ਚਹਿਲੋਂ ਸਾਉਣ ਮਹੀਨੇ ਦੀਆਂ ਤਾਂਘਾਂ ਕਵਿਤਾ ਪੜੀ, ਮਾਂ। ਹਰਿੰਦਰ ਕੁਮਾਰ ਹਨੀ ਵੱਲੋਂ ਸਮਾਜਿਕ ਮੁੱਦਿਆਂ ਤੇ ਦੋਹੇ ਪੇਸ਼ ਕੀਤੇ ਅਤੇ ਪੇਸ਼ ਕੀਤੀਆਂ ਗਈਆਂ ਰਚਨਾਵਾਂ ਤੇ ਜਸਮੇਰ ਦੀਵਾਨਾ ਅਤੇ ਗੁਰਮੀਤ ਕੁਮਾਰ ਵੱਲੋਂ ਚਰਚਾ ਕੀਤੀ ਗਈ। ਇਸ ਮੌਕੇ ਗ਼ਜ਼ਲਗੋ,ਗੀਤਕਾਰ ਤੇ ਵਿਅੰਗਕਾਰ ਮਾਲਵਿੰਦਰ ਸ਼ਾਇਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਰਜਿ ਦੇ ਪ੍ਰਧਾਨ ਪਵਨ ਹਰਚੰਦਪੁਰੀ ਦੀ ਧਰਮਪਤਨੀ ਪੁਸ਼ਪਾ ਸ਼ਰਮਾਂ ਦੀ ਬੇਵਕਤੀ ਮੌਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਪੰਜਾਬੀ ਕਵੀ ਪਾਸ਼ ਦੀ ਯਾਦਗਾਰ ਦੇ ਤਲਵੰਡੀ ਸਲੇਮ ਦੇ ਸਰਪੰਚ ਵੱਲੋਂ ਤਾਲੇ ਤੋੜਣ ਦੀ ਨਿਖੇਧੀ ਕੀਤੀ ਗਈ।




# ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਸਫ਼ਾਈ ਮਜ਼ਦੂਰ ਯੂਨੀਅਨ ਦਾ ਸਨਮਾਨ

ਧੂਰੀ, 10 ਅਗਸਤ (ਸੁਖਵਿੰਦਰ ਪਲਾਹਾ) ਆਪਣੀਆਂ ਹੱਕੀ ਮੰਗਾਂ ਲਈ ਪਿਛਲੇ ਮਹੀਨੇ ਭਰ ਤੋਂ ਸੰਘਰਸ਼ ਕਰਨ ਉਪਰੰਤ, ਸਰਕਾਰ ਵੱਲੋਂ ਮੰਗਾਂ ਮੰਨੇ ਜਾਣ ਤੇ ਜੇਤੂ ਰੈਲੀਆਂ ਕਰਨ ਉਪਰੰਤ ਪੰਜਾਬ ਸਫਾਈ ਸੇਵਕ ਮਜ਼ਦੂਰ ਯੂਨੀਅਨ ਨੇ ਆਪਣਾ ਕੰਮ ਕਾਰ ਮੁੜ ਤੋਂ ਸੰਭਾਲ ਲਿਆ ਹੈ ਅਤੇ ਪੰਜਾਬ ਨੂੰ ਸਾਫ ਸੁਥਰਾ ਤੇ ਸੁਰੱਖਿਅਤ ਬਣਾਉਣ ਲਈ ਦਿਨ ਰਾਤ ਮਿਹਨਤ ਕਰਨੀ ਸ਼ੁਰੂ ਕਰ ਦਿੱਤੀ ਹੈ। ਉਹਨਾਂ ਦੇ ਜ਼ੋਰਦਾਰ ਸੰਘਰਸ਼ ਦੀ ਇਸ ਪ੍ਰਾਪਤੀ ਤੇ ਸਹਿਯੋਗੀ ਜਨਤਕ ਜਥੇਬੰਦੀਆਂ ਨੇ ਉਹਨਾਂ ਦਾ ਹੌਂਸਲਾ ਵਧਾਇਆ ਹੈ। ਅੱਜ ਇਸੇ ਲੜੀ ਵਜੋਂ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ ਧੂਰੀ ਨੇ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਹੇਠ ਧੂਰੀ ਦੀ ਸਫਾਈ ਸੇਵਕਾਂ ਦੀ ਜਥੇਬੰਦੀ ਦੇ ਪ੍ਰਧਾਨ ਮਨੋਜ ਰਾਣੀ ਦੇ ਨਾਲ ਯੂਨੀਅਨ ਦੇ ਆਗੂ ਸਫਾਈ ਸੇਵਕਾਂ ਦਾ ਸਨਮਾਨ ਕੀਤਾ ਅਤੇ ਉਹਨਾਂ ਨੂੰ ਆਉਣ ਵਾਲੇ ਸੰਘਰਸ਼ਾਂ ਵਿੱਚ ਹਰ ਕਿਸਮ ਦੇ ਸਮਰਥਨ ਅਤੇ ਸਹਿਯੋਗ ਦਾ ਭਰੋਸਾ ਦਿੱਤਾ। ਇਥੇ ਇਹ ਵੀ ਵਰਨਣਯੋਗ ਹੈ ਕਿ ਪੈਨਸ਼ਨਰਜ਼ ਐਸੋਸੀਏਸ਼ਨ ਨੇ ਸੰਘਰਸ਼ ਦੌਰਾਨ ਸਫਾਈ ਮਜ਼ਦੂਰ ਯੂਨੀਅਨ ਦੀ ਡਟਵੀਂ ਹਮਾਇਤ ਕੀਤੀ ਸੀ ਅਤੇ ਹਰ ਪ੍ਰੋਗਰਾਮ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਸੀ।



ਇਸ ਮੌਕੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਜਨਰਲ ਸਕਤਰ ਡਾਕਟਰ ਅਮਰਜੀਤ ਸਿੰਘ ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ, ਇੰਦਰਜੀਤ ਸ਼ਰਮਾ, ਮੱਘਰ ਸਿੰਘ, ਦਰਸ਼ਨ ਸਿੰਘ ਧਾਂਦਰਾ, ਓਂਕਾਰ ਸ਼ਰਮਾ, ਰਲਾ ਸਿੰਘ, ਹਰਬੰਸ ਸਿੰਘ, ਜਗਰ ਸਿੰਘ, ਮਨੋਹਰ ਲਾਲ, ਅਵਤਾਰ ਸਿੰਘ ਮੁਕਰ, ਸਰਬਜੀਤ ਸਿੰਘ, ਫ਼ਕੀਰ ਸਿੰਘ, ਕਰਮਜੀਤ ਸਿੰਘ, ਰਾਮ ਲਾਲ, ਸੁਖਦੇਵ ਸਿੰਘ, ਹਰਚਰਨ ਸਿੰਘ ਨਿਰਮਲ ਸਿੰਘ ਸਮੇਤ ਅਨੇਕਾਂ ਪੈਨਸ਼ਨਰ ਹਾਜ਼ਰ ਸਨ।

# ਸਾਬਕਾ ਵਿਧਾਇਕ ਦਰਸ਼ਨ ਸਿੰਘ ਕੋਟਫੱਤਾ ਭਾਜਪਾ ਚ ਸ਼ਾਮਲ, ਕੇਵਲ ਸਿੰਘ ਢਿੱਲੋਂ ਨੇ ਕੀਤਾ ਵੱਡਾ ਦਾਅਵਾ

ਬਠਿੰਡਾ 11 ਅਗਸਤ (ਜਸਵੀਰ ਸਿੰਘ ਸਿੱਧੂ) ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਕੋਟਫੱਤਾ ਅੱਜ ਕਈ ਸਰਪੰਚਾਂ, ਪੰਚਾਂ ਅਤੇ ਆਪਣੇ ਸਮਰਥਕਾਂ ਨਾਲ ਭਾਰਤੀ ਜਨਤਾ ਪਾਰਟੀ ਚ ਸ਼ਾਮਲ ਹੋ ਗਏ। ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਉਨ੍ਹਾਂ ਨੂੰ ਪਾਰਟੀ ਚ ਸ਼ਾਮਲ ਕਰਵਾਇਆ। ਕੇਵਲ ਢਿੱਲੋਂ ਨੇ ਭਾਜਪਾ ਚ ਹੋ ਰਹੀਆਂ ਨਵੀਆਂ ਸ਼ਮੂਲੀਅਤਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਾਰਟੀ ਦਾ ਪਰਿਵਾਰ ਲਗਾਤਾਰ ਵੱਡਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਪਾਰਟੀਆਂ ਦੇ ਆਗੂ, ਮੌਜੂਦਾ ਅਤੇ ਸਾਬਕਾ ਸਰਪੰਚਾਂ ਸਮੇਤ ਵੱਡੀ ਗਿਣਤੀ ਚ ਲੋਕ ਭਾਜਪਾ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਸੂਬੇ ਚ ਭਾਜਪਾ ਦਾ ਆਧਾਰ ਹੋਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਇਸ ਮੌਕੇ ਬਠਿੰਡਾ ਦਿਹਾਤੀ ਨਾਲ ਸਬੰਧਿਤ ਆਗੂਆਂ ਦਾ ਵੀ ਭਾਜਪਾ ਵਿੱਚ ਸਵਾਗਤ ਕੀਤਾ। ਕੇਵਲ ਢਿੱਲੋਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਬਠਿੰਡਾ ਦਿਹਾਤੀ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਕੋਟਫੱਤਾ ਸਮੇਤ ਪਾਰਟੀ ਚ ਸ਼ਾਮਲ ਹੋਣ ਵਾਲੇ ਆਗੂਆਂ ਨੂੰ ਭਾਜਪਾ ਚ ਬਣਦਾ ਸਨਮਾਨ ਦੇਣ ਦੀ ਗੱਲ ਕਹੀ।



ਉਨ੍ਹਾਂ ਕਿਹਾ ਕਿ ਇਹ ਆਗੂ ਲੰਬੇ ਸਮੇਂ ਤੋਂ ਸਮਾਜ ਸੇਵਾ ਕਰਦੇ ਆ ਰਹੇ ਹਨ ਅਤੇ ਉਨ੍ਹਾਂ ਦੇ ਤਜੁਰਬੇ ਦਾ ਭਾਜਪਾ ਨੂੰ ਲਾਭ ਮਿਲੇਗਾ।

ਇਸ ਦੌਰਾਨ ਮਿੰਟੂ ਸਿੰਘ ਸਮੇਤ ਕਈ ਸਰਪੰਚਾਂ ਅਤੇ ਹੋਰ ਸਥਾਨਕ ਆਗੂਆਂ ਨੇ ਵੀ ਭਾਜਪਾ ਦਾ ਪੱਲਾ ਫੜ੍ਹਿਆ। ਕੇਵਲ ਢਿੱਲੋਂ ਨੇ ਨਵੇਂ ਸ਼ਾਮਲ ਹੋਏ ਆਗੂਆਂ ਅਤੇ ਵਰਕਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਭਾਜਪਾ ਚ ਆਉਣ ਵਾਲੇ ਹਰੇਕ ਵਿਅਕਤੀ ਨੂੰ ਬਣਦਾ ਮਾਣ੍ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਚ ਭਾਜਪਾ ਦਾ ਜੱਥੇਬੰਦਕ ਢਾਂਚਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਪਾਰਟੀ ਨਾਲ ਜੁੜਨਗੇ। ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਵਿਰੋਧੀ ਧਿਰਾਂ ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਤਰੱਕੀ ਦੇ ਰਾਹ ਤੇ ਅੱਗੇ ਵੱਧ ਰਿਹਾ ਹੈ, ਜਿਸ ਕਾਰਨ ਵਿਰੋਧੀ ਪਾਰਟੀਆਂ ਨੂੰ ਜੈਲਸੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਦੇ ਸੈਸ਼ਨਾਂ ਦਾ ਬਾਈਕਾਟ ਕਰਨਾ ਲੋਕਾਂ ਦੇ ਪੈਸੇ ਦੀ ਬਰਬਾਦੀ ਦੇ ਬਰਾਬਰ ਹੈ।

ਕੇਵਲ ਢਿੱਲੋਂ ਨੇ ਕਿਹਾ ਕਿ ਵਿਧਾਨ ਸਭਾ ਦੇ ਹਰ ਸੈਸ਼ਨ ਤੇ ਕਰੋੜਾਂ ਰੁਪਏ ਖ਼ਰਚ ਹੁੰਦੇ ਹਨ ਅਤੇ ਜੇਕਰ ਵਿਰੋਧੀ ਧਿਰਾਂ ਨੇ ਸਰਕਾਰ ਤੋਂ ਕੋਈ ਸਵਾਲ ਪੁੱਛਣੇ ਹਨ ਤਾਂ ਉਨ੍ਹਾਂ ਨੂੰ ਸਦਨ ਦੇ ਅੰਦਰ ਰਹਿ ਕੇ ਜਵਾਬ ਮੰਗਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਨਾਲ ਸਬੰਧਿਤ ਕਿਸੇ ਮੁੱਦੇ ਤੇ ਜਵਾਬ ਚਾਹੀਦਾ ਹੈ ਤਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜਾਂ ਹੋਰ ਕੇਂਦਰੀ ਮੰਤਰੀਆਂ ਤੋਂ ਜਵਾਬ ਲਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਤੋਂ ਜਵਾਬ ਮੰਗਣਾ ਵਿਰੋਧੀ ਧਿਰ ਦਾ ਹੱਕ ਹੈ ਪਰ ਸੈਸ਼ਨ ਦਾ ਬਾਈਕਾਟ ਕਰਕੇ ਲੋਕਾਂ ਦੇ ਪੈਸੇ ਨੂੰ ਬਰਬਾਦ ਕਰਨਾ ਕਿਸੇ ਵੀ ਤਰ੍ਹਾਂ ਠੀਕ ਨਹੀਂ। ਉਨ੍ਹਾਂ ਵਿਰੋਧੀ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਸਦਨ ਦੀ ਕਾਰਵਾਈ ਚ ਹਿੱਸਾ ਲੈਣ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਤੇ ਗੰਭੀਰ ਬਹਿਸ ਕਰਨ।

# ਟਰੀਟਮੈਂਟ ਵਾਟਰ ਪਲਾਂਟ ਜਲਦ ਸ਼ੁਰੂ ਹੋਵੇਗਾ, ਜੈਮਲ ਵਾਲਾ ਰੋਡ ਦਾ 15 ਅਗਸਤ ਤੋਂ ਪਹਿਲਾਂ ਨੀਂਹ ਪੱਥਰ: ਮਹਾਂਵੀਰ ਸਿੰਘ ਸੰਧੂ

## ਸ਼ਹਿਰ ਦੀ ਸਫਾਈ ਲਈ ਲੋਕ ਸਹਿਯੋਗ ਦੇਣ, ਨਾਲਿਆਂ 'ਚ ਲਿਫਾਫੇ ਸੁੱਟਣ ਵਾਲਿਆਂ ਦੇ ਕੱਟੇ ਜਾਣਗੇ ਚਲਾਨ; ਮੱਲਾਂਵਾਲਾ-ਕੁਹਾਲਾ ਸੜਕ 16 ਫੁੱਟ ਚੌੜੀ ਕਰਨ ਨੂੰ ਮਨਜ਼ੂਰੀ

ਫਿਰੋਜ਼ਪੁਰ 11 ਅਗਸਤ (ਰਣਜੀਤ ਸਿੰਘ ਰਾਏ) ਨਗਰ ਪੰਚਾਇਤ ਮੱਲਾਂਵਾਲਾ ਦੇ ਪ੍ਰਧਾਨ ਮਹਾਂਵੀਰ ਸਿੰਘ ਸੰਧੂ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਸ਼ਹਿਰ ਦੇ ਵਿਕਾਸ ਕਾਰਜਾਂ, ਸਫਾਈ ਪ੍ਰਬੰਧਾਂ, ਸੜਕਾਂ, ਸੀਵਰੇਜ ਅਤੇ ਸਿਹਤ ਸਹੂਲਤਾਂ ਸਬੰਧੀ ਅਹਿਮ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਮੱਲਾਂਵਾਲਾ ਵਿੱਚ ਟਰੀਟਮੈਂਟ ਵਾਟਰ ਪਲਾਂਟ ਦਾ ਕੰਮ ਜਲਦ ਸ਼ੁਰੂ ਹੋਵੇਗਾ ਅਤੇ ਪਹਿਲਾਂ ਗਲਤਫਹਿਮੀ ਕਾਰਨ ਪਈਆਂ ਅੜਚਣਾਂ ਨੂੰ ਦੂਰ ਕੀਤਾ ਜਾ ਰਿਹਾ ਹੈ।



ਮਹਾਂਵੀਰ ਸਿੰਘ ਸੰਧੂ ਨੇ ਦੱਸਿਆ ਕਿ ਟਰੀਟਮੈਂਟ ਵਾਟਰ ਪਲਾਂਟ ਦੇ ਮਾਮਲੇ ਵਿੱਚ ਕੁਝ ਲੋਕਾਂ ਨੂੰ ਗਲਤਫਹਿਮੀ ਹੋਣ ਕਾਰਨ ਅਦਾਲਤ ਤੋਂ ਸਟੇ ਲਿਆ ਗਿਆ ਸੀ। ਹੁਣ ਉਨ੍ਹਾਂ ਵੱਲੋਂ ਭਰੋਸਾ ਦਿੱਤਾ ਗਿਆ ਹੈ ਕਿ 15 ਅਗਸਤ ਤੋਂ ਪਹਿਲਾਂ ਕੇਸ ਵਾਪਸ ਲੈ ਲਿਆ ਜਾਵੇਗਾ, ਜਿਸ ਤੋਂ ਬਾਅਦ ਪਲਾਂਟ ਦਾ ਕੰਮ ਤੇਜ਼ੀ ਨਾਲ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਤਹਿਤ ਵੱਡੀਆਂ ਨਹਿਰਾਂ ਤੋਂ ਪਾਈਪਾਂ ਪਾ ਕੇ ਸ਼ਹਿਰ ਦੀ ਵਾਟਰ ਸਪਲਾਈ ਨੂੰ ਸੁਚੱਜੇ ਢੰਗ ਨਾਲ ਚਲਾਉਣ ਦੀ ਯੋਜਨਾ ਹੈ।

ਉਨ੍ਹਾਂ ਕਿਹਾ ਕਿ ਵਾਰਡ ਨੰਬਰ 3, ਪਰਲੇ ਮੱਲਾਂਵਾਲਾ ਵਿੱਚ ਸੀਵਰੇਜ ਪਾਉਣ ਦਾ ਕੰਮ ਵੀ ਜਲਦ ਸ਼ੁਰੂ ਕਰਵਾਇਆ ਜਾਵੇਗਾ। ਇਸ ਦੇ ਨਾਲ ਹੀ ਮੱਲਾਂਵਾਲ੍ਜੈਮਲ ਵਾਲਾ ਰੋਡ ਦਾ ਕੰਮ ਵੀ ਛੇਤੀ ਸ਼ੁਰੂ ਹੋਣ ਦੀ ਉਮੀਦ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ ਦਾ 15 ਅਗਸਤ ਤੋਂ ਪਹਿਲਾਂ ਨੀਂਹ ਪੱਥਰ ਰੱਖਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਸਫਾਈ ਪ੍ਰਬੰਧਾਂ ਨੂੰ ਲੈ ਕੇ ਲੋਕਾਂ ਨੂੰ ਕੀਤੀ ਅਪੀਲ

ਸ਼ਹਿਰ ਦੀ ਸਫਾਈ ਬਾਰੇ ਗੱਲਬਾਤ ਕਰਦਿਆਂ ਨਗਰ ਪੰਚਾਇਤ ਪ੍ਰਧਾਨ ਨੇ ਕਿਹਾ ਕਿ ਪਿਛਲੇ ਤਿੰਨ ਮਹੀਨਿਆਂ ਦੌਰਾਨ ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਇਹ ਸਫਾਈ ਕਰਮਚਾਰੀਆਂ ਦੀ ਆਪਣੀ ਮਜਬੂਰੀ ਸੀ, ਪਰ ਹੁਣ ਕਰਮਚਾਰੀ ਦਿਨ੍ਰਾਤ ਮਿਹਨਤ ਕਰਕੇ ਸ਼ਹਿਰ ਦੀ ਸਫਾਈ ਵਿੱਚ ਜੁਟੇ ਹੋਏ ਹਨ।

ਉਨ੍ਹਾਂ ਕਿਹਾ ਕਿ ਨਗਰ ਪੰਚਾਇਤ ਵੱਲੋਂ ਮਿਹਨਤ ਕਰਕੇ ਸ਼ਹਿਰ ਦੇ ਨਾਲੇ ਅਤੇ ਨਾਲੀਆਂ ਸਾਫ਼ ਕਰਵਾਏ ਗਏ ਸਨ, ਪਰ ਕੁਝ ਦਿਨਾਂ ਬਾਅਦ ਹੀ ਲੋਕਾਂ ਵੱਲੋਂ ਕਾਲੇ ਲਿਫਾਫੇ ਅਤੇ ਹੋਰ ਕੂੜਾ ਨਾਲਿਆਂ ਵਿੱਚ ਸੁੱਟਣ ਕਾਰਨ ਉਹ ਮੁੜ ਭਰ ਗਏ। ਉਨ੍ਹਾਂ ਚਿਤਾਵਨੀ ਦਿੱਤੀ ਕਿ ਨਾਲਿਆਂ ਵਿੱਚ ਕੂੜਾ ਜਾਂ ਕਾਲੇ ਲਿਫਾਫੇ ਸੁੱਟਣ ਵਾਲਿਆਂ ਦੇ ਚਲਾਨ ਕੱਟੇ ਜਾਣਗੇ।

ਉਨ੍ਹਾਂ ਦੱਸਿਆ ਕਿ ਮੱਖੂ ਰੋਡ 'ਤੇ ਕਿਸੇ ਸ਼ਰਾਰਤੀ ਵਿਅਕਤੀ ਵੱਲੋਂ ਸੀਵਰੇਜ ਵਿੱਚ ਮਿੱਟੀ ਦਾ ਤੋੜਾ ਪਾ ਕੇ ਉਸ ਨੂੰ ਬੰਦ ਕਰ ਦਿੱਤਾ ਗਿਆ ਸੀ। ਸਫਾਈ ਕਰਮਚਾਰੀਆਂ ਨੇ ਓਵਰਟਾਈਮ ਲਗਾ ਕੇ ਸੀਵਰੇਜ ਦੀ ਸਫਾਈ ਕੀਤੀ। ਹੁਣ ਇਨ੍ਹਾਂ ਕਰਮਚਾਰੀਆਂ ਨੂੰ ਸ਼ਹਿਰ ਦੀ ਸਫਾਈ ਵੱਲ ਲਗਾਇਆ ਜਾਵੇਗਾ।

ਮੱਲਾਂਵਾਲ੍ਕੁਹਾਲਾ ਸੜਕ 16 ਫੁੱਟ ਚੌੜੀ ਹੋਵੇਗੀ

ਮਹਾਂਵੀਰ ਸਿੰਘ ਸੰਧੂ ਨੇ ਦੱਸਿਆ ਕਿ ਮੱਲਾਂਵਾਲਾ ਤੋਂ ਕੁਹਾਲਾ ਜਾਣ ਵਾਲੀ ਸੜਕ ਨੂੰ ਜਲਦ 16 ਫੁੱਟ ਚੌੜਾ ਕੀਤਾ ਜਾਵੇਗਾ। ਉਨ੍ਹਾਂ ਅਨੁਸਾਰ ਪੀ.ਡਬਲਯੂ.ਡੀ ਵਿਭਾਗ ਵੱਲੋਂ ਇਸ ਸਬੰਧੀ ਮਨਜ਼ੂਰੀ ਦੇ ਦਿੱਤੀ ਗਈ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੁਝ ਲੋਕ ਆਪਣੇ ਮਕਾਨਾਂ ਦਾ ਮਲਬਾ ਆਪਣੀ ਮਰਜ਼ੀ ਨਾਲ ਜੈਮਲ ਵਾਲਾ ਰੋਡ 'ਤੇ ਸੁੱਟ ਦਿੰਦੇ ਹਨ। ਅਜਿਹਾ ਕਰਨ ਵਾਲਿਆਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਹਸਪਤਾਲ ਵਿੱਚ 24 ਘੰਟੇ ਡਾਕਟਰ ਦੀ ਸਹੂਲਤ ਜਲਦ

ਸਿਹਤ ਸਹੂਲਤਾਂ ਸਬੰਧੀ ਉਨ੍ਹਾਂ ਕਿਹਾ ਕਿ ਮੱਲਾਂਵਾਲਾ ਦੇ ਹਸਪਤਾਲ ਵਿੱਚ ਜਲਦ ਹੀ 24 ਘੰਟੇ ਡਾਕਟਰ ਦੀ ਸਹੂਲਤ ਉਪਲਬਧ ਕਰਵਾਉਣ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਿਹਤ ਮੰਤਰੀ ਨਾਲ ਗੱਲਬਾਤ ਹੋ ਚੁੱਕੀ ਹੈ ਅਤੇ ਜਲਦ ਇਸ ਦਾ ਹੱਲ ਹੋਣ ਦੀ ਉਮੀਦ ਹੈ।

ਅਖੀਰ ਵਿੱਚ ਨਗਰ ਪੰਚਾਇਤ ਪ੍ਰਧਾਨ ਮਹਾਂਵੀਰ ਸਿੰਘ ਸੰਧੂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਮੱਲਾਂਵਾਲਾ ਨੂੰ ਸਾਫ਼ਸੁਥਰਾ ਰੱਖਣ ਲਈ ਨਗਰ ਪੰਚਾਇਤ ਦਾ ਸਹਿਯੋਗ ਕਰਨ ਅਤੇ ਕੂੜਾ ਨਾਲਿਆਂ ਵਿੱਚ ਨਾ ਸੁੱਟਣ। ਉਨ੍ਹਾਂ ਕਿਹਾ ਕਿ ਸ਼ਹਿਰ ਦਾ ਵਿਕਾਸ ਅਤੇ ਸਫਾਈ ਸਿਰਫ਼ ਨਗਰ ਪੰਚਾਇਤ ਦੀ ਨਹੀਂ, ਸਗੋਂ ਹਰੇਕ ਸ਼ਹਿਰ ਵਾਸੀ ਦੀ ਸਾਂਝੀ ਜ਼ਿੰਮੇਵਾਰੀ ਹੈ।

# ਤੀਆਂ ਦੇ ਤਿਉਹਾਰ ਨੂੰ ਹਰਿਆਲੀ ਤੀਜ ਈਵੈਂਟ ਦੇ ਰੂਪ ਵਿੱਚ ਸ਼ਾਨਦਾਰ ਢੰਗ ਨਾਲ ਮਨਾਇਆ

ਧੂਰੀ, 11 ਅਗੱਸਤ (ਪਲਾਹਾ) ਸਾਉਣ ਮਹੀਨੇ ਆਉਣ ਵਾਲਾ ਪੰਜਾਬੀ ਸੱਭਿਆਚਾਰ ਦਾ ਪ੍ਰਤੀਕ ਤੀਆਂ ਦਾ ਮਹੱਤਵਪੂਰਨ ਤਿਉਹਾਰ ਨਾ ਸਿਰਫ਼ ਪੰਜਾਬ ਸਗੋਂ ਦੇਸ਼ ਵਿਦੇਸ਼ ਵਿੱਚ ਵੀ ਰਵਾਇਤੀ ਉਤਸ਼ਾਹ ਅਤੇ ਉਮਾਹ ਨਾਲ ਮਨਾਇਆ ਜਾਂਦਾ ਹੈ। ਇਸੇ ਗੱਲ ਨੂੰ ਮੁੱਖ ਰੱਖਦਿਆਂ ਰੀਤੀਕਾ ਧੀਮਾਨ ਅਤੇ ਵਿਸ਼ਾਖਾ ਦੀ ਅਗਵਾਈ ਵਿੱਚ ਹੋਟਲ ਕਲਾਸਿਕ ਵਿਖੇ, ਇਹ ਤਿਉਹਾਰ ਹਰਿਆਲੀ ਤੀਜ ਦੇ ਟਾਈਟਲ ਅਧੀਨ ਬਹੁਤ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਮਿਸ ਪੰਜਾਬਣ ਦਾ ਖ਼ਿਤਾਬ ਜੇਤੂ, ਗਗਨਦੀਪ ਰੰਧਾਵਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਰਵਾਇਤੀ ਗਿੱਧੇ ਅਤੇ ਬੋਲੀਆਂ ਨਾਲ ਬਹੁਤ ਰੰਗਲਾ ਤੇ ਸੰਗੀਤਮਈ ਮਾਹੌਲ ਸਿਰਜਿਆ ਗਿਆ। ਇਸ ਮੌਕੇ ਕਈ ਪ੍ਰਕਾਰ ਦੀਆਂ ਖੇਡਾਂ ਅਤੇ ਤੰਬੋਲਾ ਵੀ ਖੇਡਿਆ ਗਿਆ ਅਤੇ ਜੇਤੂਆਂ ਨੂੰ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਟੇਟ ਐਵਾਰਡ ਜੇਤੂ ਮੈਡਮ ਹਰਪ੍ਰੀਤ ਕੌਰ ਭੁੱਲਰ, ਇੰਦਰਪ੍ਰੀਤ ਕੌਰ, ਨੰਦਿਨੀ, ਕੀਰਤੀ, ਸੀਮਾ, ਸ਼ਿਵਾਲੀ, ਮਾਹੀ ਚੀਨੂੰ, ਪਰਮਜੀਤ ਕੌਰ, ਰਿਤੂ ਸਮੇਤ ਅਨੇਕਾਂ ਪੰਜਾਬਣਾਂ ਮੌਜੂਦ ਸਨ।



# ਬਠਿੰਡਾ ਦਿਹਾਤੀ ਤੋਂ ਅਕਾਲੀ ਦਲ ਦੀ ਟਿਕਟ 'ਤੇ ਵਿਧਾਇਕ ਰਹੇ ਕੋਟਫੱਤਾ ਸਮੇਤ ਕਈ ਆਗੂ ਭਾਜਪਾ ਵਿੱਚ ਸ਼ਾਮਲ

ਬਠਿੰਡਾ, 11 ਅਗਸਤ (ਜਸਵੀਰ ਸਿੰਘ ਸਿੱਧੂ) ਬਠਿੰਡਾ ਦਿਹਾਤੀ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਵਿਧਾਇਕ ਰਹਿ ਚੁੱਕੇ ਅਤੇ ਮੌਜੂਦਾ ਸਮੇਂ ਆਮ ਆਦਮੀ ਪਾਰਟੀ ਨਾਲ ਜੁੜੇ ਆਗੂ ਦਰਸ਼ਨ ਸਿੰਘ ਕੋਟਫੱਤਾ ਨੇ ਅੱਜ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜ ਲਿਆ। ਚੰਡੀਗੜ੍ਹ ਸਥਿਤ ਭਾਜਪਾ ਦੇ ਸੂਬਾ ਦਫ਼ਤਰ ਵਿਖੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਕਰਵਾਏ ਸਮਾਗਮ ਦੌਰਾਨ ਉਨ੍ਹਾਂ ਨੇ ਪਾਰਟੀ ਵਿੱਚ ਸ਼ਮੂਲੀਅਤ ਕੀਤੀ।



ਦਰਸ਼ਨ ਸਿੰਘ ਕੋਟਫੱਤਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਰਪੰਚਾਂ, ਸਾਬਕਾ ਸਰਪੰਚਾਂ, ਪੰਚਾਇਤੀ ਮੈਂਬਰਾਂ ਅਤੇ ਸੀਨੀਅਰ ਆਗੂਆਂ ਨੇ ਵੀ ਭਾਜਪਾ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਨਵੇਂ ਸ਼ਾਮਲ ਹੋਏ ਆਗੂਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਮਿਹਨਤੀ ਅਤੇ ਸਮਰਪਿਤ ਆਗੂ ਨੂੰ ਬਣਦਾ ਮਾਣ੍ਸਨਮਾਨ ਦਿੱਤਾ ਜਾਵੇਗਾ।

ਇਸ ਮੌਕੇ ਬਠਿੰਡਾ ਤੋਂ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਸਰੂਪ ਚੰਦ ਸਿੰਗਲਾ, ਲੋਕ ਸਭਾ ਚੋਣ ਵਿੱਚ ਭਾਜਪਾ ਦੀ ਉਮੀਦਵਾਰ ਰਹੀ ਬੀਬੀ ਪਰਮਪਾਲ ਕੌਰ ਮਲੂਕਾ ਅਤੇ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਗੁਰਪ੍ਰੀਤ ਸਿੰਘ ਮਲੂਕਾ ਸਮੇਤ ਕਈ ਆਗੂ ਹਾਜ਼ਰ ਸਨ।

ਦਰਸ਼ਨ ਸਿੰਘ ਕੋਟਫੱਤਾ ਦੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਬਠਿੰਡਾ ਦਿਹਾਤੀ ਹਲਕੇ ਦੀ ਸਿਆਸਤ ਵਿੱਚ ਨਵੀਆਂ ਸਮੀਕਰਨਾਂ ਬਣਨ ਦੀ ਚਰਚਾ ਸ਼ੁਰੂ ਹੋ ਗਈ ਹੈ। ਸਿਆਸੀ ਹਲਕਿਆਂ ਵਿੱਚ ਇਹ ਵੀ ਚਰਚਾ ਹੈ ਕਿ ਭਾਜਪਾ ਵੱਲੋਂ ਉਨ੍ਹਾਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਬਠਿੰਡਾ ਦਿਹਾਤੀ ਹਲਕੇ ਤੋਂ ਉਮੀਦਵਾਰ ਬਣਾਇਆ ਜਾ ਸਕਦਾ ਹੈ। ਹਾਲਾਂਕਿ ਇਸ ਸਬੰਧੀ ਪਾਰਟੀ ਵੱਲੋਂ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ।

# ਐਡਵੋਕੇਟ ਸ਼ਮਸ਼ਾਦ ਚੌਧਰੀ ਦੀ ਮੁਹੱਲਾ ਭੁੰਮਸੀ ਵਿਖੇ ਹੋਈ ਭਰਵੀਂ ਮੀਟਿੰਗ

## ਆਪ ਸਰਕਾਰ ਦੀਆਂ ਨੀਤੀਆਂ ਚ ਮੁਹੱਲਾ ਵਾਸੀਆਂ ਨੇ ਜਤਾਇਆ ਪੂਰਨ ਵਿਸ਼ਵਾਸ

ਮਾਲੇਰਕੋਟਲਾ 11 ਅਗਸਤ (ਪ੍ਰਵੀਨ ਕੁਮਾਰ) ਅਗਾਮੀ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਸ਼ਹਿਰ ਵਿੱਚ ਸਿਆਸੀ ਗਰਮ੍ਹਗਰਮੀ ਲਗਾਤਾਰ ਵਧਦੀ ਜਾ ਰਹੀ ਹੈ। ਇਸੇ ਲੜੀ ਤਹਿਤ ਪੰਜਾਬ ਵਕਫ਼ ਬੋਰਡ ਦੇ ਮੈਂਬਰ ਅਤੇ ਆਪ ਦੇ ਸੀਨੀਅਰ ਨੇਤਾ ਐਡਵੋਕੇਟ ਸ਼ਮਸ਼ਾਦ ਚੌਧਰੀ ਵੱਲੋਂ ਮੁਹੱਲਾ ਭੁੰਮਸੀ ਵਿਖੇ ਇੱਕ ਭਰਵੀਂ ਸਿਆਸੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਮੁਹੱਲਾ ਭੁੰਮਸੀ ਦੇ ਨਿਵਾਸੀਆਂ ਅਤੇ ਪਤਵੰਤੇ ਸੱਜਣਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਐਡਵੋਕੇਟ ਚੌਧਰੀ ਨੂੰ ਆਪਣਾ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੱਤਾ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਸ਼ਮਸ਼ਾਦ ਚੌਧਰੀ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਅਤੇ ਮਾਲੇਰਕੋਟਲਾ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਦਾ ਵੇਰਵਾ ਸਾਂਝਾ ਕੀਤਾ।ਸਿਹਤ ਤੇ ਸਿੱਖਿਆ 'ਚ ਸੁਧਾਰ: ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਅਤੇ ਸਿਵਲ ਹਸਪਤਾਲ ਵਿੱਚ ਬਹਿਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਨਿਰੰਤਰ ਯਤਨਸ਼ੀਲ ਹੈ।

ਮੁਹੱਲੇ ਦੀਆਂ ਅੰਦਰੂਨੀ ਸਮੱਸਿਆਵਾਂ, ਸੀਵਰੇਜ ਸਿਸਟਮ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਹੋਰ ਬਿਹਤਰ ਬਣਾਉਣ ਦਾ ਵਿਸ਼ੇਸ਼ ਭਰੋਸਾ ਦਿਵਾਇਆ ਗਿਆ।

ਮੀਟਿੰਗ ਦੌਰਾਨ ਮੁਹੱਲਾ ਭੁੰਮਸੀ ਦੇ ਨਿਵਾਸੀਆਂ ਵੱਲੋਂ ਐਡਵੋਕੇਟ ਸ਼ਮਸ਼ਾਦ ਚੌਧਰੀ ਦਾ ਭਰਵਾਂ ਸਵਾਗਤ ਕੀਤਾ ਗਿਆ। ਮੁਹੱਲਾ ਵਾਸੀਆਂ ਨੇ ਕਿਹਾ ਕਿ ਐਡਵੋਕੇਟ ਚੌਧਰੀ ਨੇ ਵਕਫ਼ ਬੋਰਡ ਮੈਂਬਰ, ਮਾਰਕੀਟ ਕਮੇਟੀ ਚੇਅਰਮੈਨ ਅਤੇ ਬਾਰ ਐਸੋਸੀਏਸ਼ਨ ਦੇ ਆਗੂ ਵਜੋਂ ਹਮੇਸ਼ਾ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਹੈ।

ਮੀਟਿੰਗ ਦੇ ਅੰਤ ਵਿੱਚ ਮੁਹੱਲਾ ਭੁੰਮਸੀ ਦੇ ਵਸਨੀਕਾਂ ਨੇ ਐਡਵੋਕੇਟ ਸ਼ਮਸ਼ਾਦ ਚੌਧਰੀ ਦੀ ਲੀਡਰਸ਼ਿਪ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਵਿੱਚ ਪੂਰਨ ਵਿਸ਼ਵਾਸ ਪ੍ਰਗਟ ਕਰਦਿਆਂ ਆਗਾਮੀ ਚੋਣਾਂ ਵਿੱਚ ਉਨ੍ਹਾਂ ਦਾ ਹਰ ਮੋੜ ਤੇ ਡਟ ਕੇ ਸਾਥ ਦੇਣ ਦਾ ਐਲਾਨ ਕੀਤਾ।

# ਘੱਗਾ ਦੇ ਮਜ਼ਦੂਰ ਪਰਿਵਾਰਾਂ ਦੀਆਂ ਮੰਗਾਂ ਦਾ ਹੱਲ ਨਾ ਹੋਇਆ ਤਾਂ 13 ਅਗਸਤ ਤੋਂ ਐਸ.ਡੀ.ਐਮ ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਦਾ ਧਰਨਾ

ਘੱਗਾ, 11 ਅਗਸਤ (ਕੀਰਤੀ ਗਰਗ) ਘੱਗਾ ਵਿੱਚ ਪਿਛਲੇ ਲੰਮੇ ਸਮੇਂ ਤੋਂ ਝੁੱਗੀਆਂ ਵਿੱਚ ਰਹਿ ਰਹੇ ਮਜ਼ਦੂਰ ਪਰਿਵਾਰ ਆਪਣੇ ਘਰਾਂ ਅਤੇ ਬੁਨਿਆਦੀ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਇਨ੍ਹਾਂ ਪਰਿਵਾਰਾਂ ਦੀ ਮੁੱਖ ਮੰਗ ਹੈ ਕਿ ਉਨ੍ਹਾਂ ਨੂੰ ਘਰ ਬਣਾਉਣ ਲਈ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦਿੱਤਾ ਜਾਵੇ।



ਨੌਜਵਾਨ ਭਾਰਤ ਸਭਾ ਦੇ ਜਿਲ੍ਹਾ ਆਗੂ ਗੁਰਦੀਪ ਕਲਵਾਨੂੰ ਅਤੇ ਰਾਹੁਲ ਘੱਗਾ ਨੇ ਕਿਹਾ ਕਿ ਮਜ਼ਦੂਰ ਪਰਿਵਾਰ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਸ਼ਾਸਨ ਅਤੇ ਸਰਕਾਰ ਦੇ ਧਿਆਨ ਵਿੱਚ ਮਸਲਾ ਲਿਆਉਂਦੇ ਆ ਰਹੇ ਹਨ। ਇਸ ਦੇ ਬਾਵਜੂਦ ਅਜੇ ਤੱਕ ਇਨ੍ਹਾਂ ਪਰਿਵਾਰਾਂ ਦੀਆਂ ਮੰਗਾਂ ਦਾ ਕੋਈ ਪੱਕਾ ਅਤੇ ਠੋਸ ਹੱਲ ਨਹੀਂ ਕੀਤਾ ਗਿਆ । ਮਜ਼ਦੂਰ ਪਰਿਵਾਰਾਂ ਨੂੰ ਬੁਨਿਆਦੀ ਸਹੂਲਤਾਂ ਅਤੇ ਪੱਕੀ ਰਿਹਾਇਸ਼ ਦੇਣ ਦੀ ਬਜਾਏ ਉਨ੍ਹਾਂ ਨੂੰ ਲੰਮੇ ਸਮੇਂ ਤੋਂ ਅਣਦੇਖਾ ਕੀਤਾ ਜਾ ਰਿਹਾ ਹੈ। ਮਜ਼ਦੂਰ ਪਰਿਵਾਰਾਂ ਦਾ ਕਹਿਣਾ ਹੈ ਕਿ ਉਹ ਆਪਣੀ ਜ਼ਿੰਦਗੀ ਦਾ ਲੰਮਾ ਸਮਾਂ ਇਨ੍ਹਾਂ ਝੁੱਗੀਆਂ ਵਿੱਚ ਗੁਜ਼ਾਰ ਚੁੱਕੇ ਹਨ ਅਤੇ ਹੁਣ ਉਹ ਆਪਣੇ ਪਰਿਵਾਰਾਂ ਲਈ ਸੁਰੱਖਿਅਤ ਘਰ ਦੀ ਮੰਗ ਕਰ ਰਹੇ ਹਨ।

ਇਸੇ ਦੇ ਚਲਦਿਆਂ ਨੌਜਵਾਨ ਭਾਰਤ ਸਭਾ ਦੇ ਆਗੂ ਗੁਰਦੀਪ ਅਜ਼ਾਦ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜੇਕਰ ਮਜ਼ਦੂਰ ਪਰਿਵਾਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਗਿਆ ਤਾਂ 13 ਅਗਸਤ ਤੋਂ ਐਸ.ਡੀ.ਐਮ ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ।

ਨੌਜਵਾਨ ਭਾਰਤ ਸਭਾ ਦੇ ਆਗੂਆਂ ਨੇ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਮਜ਼ਦੂਰ ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦੇਣ ਦੀ ਮੰਗ ਨੂੰ ਤੁਰੰਤ ਪ੍ਰਵਾਨ ਕਰਕੇ ਮਸਲੇ ਦਾ ਪੱਕਾ ਹੱਲ ਕੀਤਾ ਜਾਵੇ। ਇਸ ਮੀਟਿੰਗ ਵਿਚ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ, ਨੌਜਵਾਨ ਆਗੂ ਜਸਵੀਰ ਘੱਗਾ, ਖਿੜਕੀ ਪ੍ਰਧਾਨ, ਬਿੱਟੂ ਤੋਂ ਇਲਾਵਾ ਵੱਡੀ ਗਿਣਤੀ ਵਿਚ ਨੌਜਵਾਨ ਤੇ ਮਜਦੂਰ ਸ਼ਾਮਲ ਹੋਏ ;

# ਤਿਰੰਗਾ ਸਾਡੀ ਸ਼ਾਨ ਤੇ ਸਾਡੀ ਜਾਨ ਹੈ: ਸੰਜੀਵ ਗਰਗ

## ਐਂਟੀ ਡਰੱਗ ਐਂਡ ਸੋਸ਼ਲ ਵੈਲਫੇਅਰ ਆਰਗਨਾਈਜੇਸ਼ਨ ਵੱਲੋਂ ਹਰ ਘਰ ਤਿਰੰਗਾ ਵੰਡ ਸਮਾਗਮ ਕਰਵਾਇਆ

ਸਮਾਣਾ 11 ਅਗਸਤ (ਕੀਰਤੀ ਗਰਗ) ਐਂਟੀ ਡਰੱਗ ਐਂਡ ਸੋਸ਼ਲ ਵੈਲਫੇਅਰ ਆਰਗਨਾਈਜੇਸ਼ਨ ਪੰਜਾਬ ਵੱਲੋਂ ਤਹਿਸੀਲ ਪਾਰਕ ਕਲੱਬ ਸਮਾਣਾ ਦੇ ਸਹਿਯੋਗ ਨਾਲ ਆਜ਼ਾਦੀ ਦਿਵਸ ਦੇ ਮੱਦੇਨਜ਼ਰ 'ਹਰ ਘਰ ਤਿਰੰਗਾ' ਵੰਡ ਸਮਾਗਮ ਚਿਲਡਰਨ ਮੈਮੋਰੀਅਲ ਪਾਰਕ ਸਮਾਣਾ ਵਿਖੇ ਬੜੀ ਧੂਮਧਾਮ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਕਰਵਾਇਆ ਗਿਆ। ਸਮਾਗਮ ਦੀ ਦੇਖ੍ਰੇਖ ਸੰਸਥਾ ਦੇ ਪੀਆਰਓ ਪੰਜਾਬ ਸਰਦਾਰ ਇਕਬਾਲ ਸਿੰਘ ਬੱਲ ਵੱਲੋਂ ਕੀਤੀ ਗਈ।

ਇਸ ਮੌਕੇ ਭਾਜਪਾ ਪਟਿਆਲਾ ਦੱਖਣੀ ਦੇ ਪ੍ਰਧਾਨ ਹਰਮੇਸ਼ ਗੋਇਲ ਡਕਾਲਾ ਅਤੇ ਐਂਟੀ ਡਰੱਗ ਐਂਡ ਸੋਸ਼ਲ ਵੈਲਫੇਅਰ ਆਰਗਨਾਈਜੇਸ਼ਨ ਪੰਜਾਬ ਦੇ ਚੇਅਰਮੈਨ ਸੰਜੀਵ ਗਰਗ ਮੁੱਖ ਤੌਰ 'ਤੇ ਹਾਜ਼ਰ ਹੋਏ। ਇਸ ਦੌਰਾਨ ਆਮ ਲੋਕਾਂ ਅਤੇ ਪਰਿਵਾਰਾਂ ਨੂੰ ਤਿਰੰਗੇ ਵੰਡ ਕੇ ਉਨ੍ਹਾਂ ਨੂੰ ਆਪਣੇ ਘਰਾਂ ਅਤੇ ਕਾਰੋਬਾਰੀ ਅਦਾਰਿਆਂ 'ਤੇ ਤਿਰੰਗਾ ਲਹਿਰਾਉਣ ਲਈ ਪ੍ਰੇਰਿਤ ਕੀਤਾ ਗਿਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਸੰਜੀਵ ਗਰਗ ਨੇ ਕਿਹਾ ਕਿ "ਤਿਰੰਗਾ ਸਾਡੀ ਸ਼ਾਨ ਹੈ ਅਤੇ ਤਿਰੰਗਾ ਸਾਡੀ ਜਾਨ ਹੈ।" ਉਨ੍ਹਾਂ ਕਿਹਾ ਕਿ ਜਦੋਂ ਵੀ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਕੋਈ ਬਿਪਤਾ ਆਉਂਦੀ ਹੈ ਤਾਂ ਉਸ ਸਮੇਂ ਸਾਡੀ ਪਹਿਚਾਣ ਪੰਜਾਬੀ, ਹਰਿਆਣਵੀ, ਬਿਹਾਰੀ ਜਾਂ ਮਹਾਰਾਸ਼ਟਰੀ ਵਜੋਂ ਨਹੀਂ, ਸਗੋਂ ਭਾਰਤੀ ਵਜੋਂ ਹੁੰਦੀ ਹੈ ਅਤੇ ਸਾਡੀ ਇਸ ਸਾਂਝੀ ਪਹਿਚਾਣ ਦਾ ਪ੍ਰਤੀਕ ਤਿਰੰਗਾ ਹੈ।

ਉਨ੍ਹਾਂ ਕਿਹਾ ਕਿ ਯੂਕਰੇਨ੍ਰੂਸ ਜੰਗ ਦੌਰਾਨ ਵੀ ਇਸ ਗੱਲ ਦੀ ਅਹਿਮੀਅਤ ਸਪੱਸ਼ਟ ਹੋਈ, ਜਦੋਂ ਭਾਰਤ ਦੇ ਸੈਂਕੜੇ ਨੌਜਵਾਨ ਉੱਥੇ ਫਸ ਗਏ ਸਨ। ਤਿਰੰਗਾ ਉਨ੍ਹਾਂ ਲਈ ਭਾਰਤ ਦੀ ਪਹਿਚਾਣ ਅਤੇ ਸੁਰੱਖਿਆ ਦਾ ਪ੍ਰਤੀਕ ਬਣਿਆ। ਸੰਜੀਵ



ਗਰਗ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਅਣਗਿਣਤ ਯੋਧਿਆਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਅਤੇ ਅੱਜ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਤਿਰੰਗੇ ਦੀ ਸ਼ਾਨ ਨੂੰ ਹਮੇਸ਼ਾ ਕਾਇਮ ਰੱਖੀਏ।

ਇਸ ਮੌਕੇ ਹਰਮੇਸ਼ ਗੋਇਲ ਡਕਾਲਾ ਨੇ ਤਹਿਸੀਲ ਪਾਰਕ ਕਲੱਬ ਅਤੇ ਐਂਟੀ ਡਰੱਗ ਐਂਡ ਸੋਸ਼ਲ ਵੈਲਫੇਅਰ ਆਰਗਨਾਈਜੇਸ਼ਨ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਤਿਰੰਗਾ ਸਾਡੇ ਅੰਦਰ ਦੇਸ਼ ਭਗਤੀ, ਜੋਸ਼ ਅਤੇ ਆਜ਼ਾਦੀ ਦਾ ਜਜ਼ਬਾ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਦਿਵਸ ਸਿਰਫ਼ ਇੱਕ ਦਿਨ ਦਾ ਤਿਉਹਾਰ ਨਹੀਂ, ਸਗੋਂ ਇਹ ਸਾਨੂੰ ਆਪਣੇ ਦੇਸ਼ ਪ੍ਰਤੀ ਫਰਜ਼ ਅਤੇ ਜ਼ਿੰਮੇਵਾਰੀਆਂ ਦੀ ਯਾਦ ਵੀ ਦਿਵਾਉਂਦਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਜ਼ਾਦੀ ਦਿਵਸ ਦੇ ਮੌਕੇ 'ਤੇ ਆਪਣੇ ਘਰਾਂ, ਦੁਕਾਨਾਂ ਅਤੇ ਕਾਰੋਬਾਰੀ ਅਦਾਰਿਆਂ 'ਤੇ ਤਿਰੰਗਾ ਲਹਿਰਾ ਕੇ ਦੇਸ਼ ਦੀ ਆਜ਼ਾਦੀ ਦੇ ਜਸ਼ਨ ਵਿੱਚ ਵੱਧ੍ਚੜ੍ਹ ਕੇ ਹਿੱਸਾ ਲੈਣ। ਉਨ੍ਹਾਂ ਨੇ ਐਂਟੀ ਡਰੱਗ ਐਂਡ ਸੋਸ਼ਲ ਵੈਲਫੇਅਰ ਆਰਗਨਾਈਜੇਸ਼ਨ ਦੇ ਚੇਅਰਮੈਨ ਸੰਜੀਵ ਗਰਗ ਦੀਆਂ ਸਮਾਜ ਸੇਵਾ ਅਤੇ ਨਸ਼ਿਆਂ ਖ਼ਿਲਾਫ਼ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੰਸਥਾ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਨਾਲ੍ਨਾਲ ਲੋਕਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਮਜ਼ਬੂਤ ਕਰਨ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ।

ਸਮਾਗਮ ਦੌਰਾਨ ਹਾਜ਼ਰ ਲੋਕਾਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਿਰੰਗੇ ਦੀ ਸ਼ਾਨ ਨੂੰ ਕਾਇਮ ਰੱਖਣ ਦਾ ਸੰਕਲਪ ਲਿਆ। ਸਮਾਗਮ ਦੇ ਅੰਤ ਵਿੱਚ ਆਜ਼ਾਦੀ ਦਿਵਸ ਦੀਆਂ ਵਧਾਈਆਂ ਸਾਂਝੀਆਂ ਕਰਦਿਆਂ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ ਗਈ।

# 56.48 ਕਰੋੜ ਬਿਊਪ੍ਰੀਨੋਰਫਿਨ ਗੋਲੀਆਂ ਵੰਡ ਕੇ ਭਗਵੰਤ ਮਾਨ ਸਰਕਾਰ ਨਸ਼ਾ ਖ਼ਤਮ ਨਹੀਂ, ਸਗੋਂ ਨਸ਼ੇ ਦੀ ਨਿਰਭਰਤਾ ਨੂੰ ਸਰਕਾਰੀ ਮਾਨਤਾ ਦੇ ਰਹੀ ਹੈ: ਪਰਮਜੀਤ ਸਿੰਘ ਕੈਂਥ

## 56.48 ਕਰੋੜ ਬਿਊਪ੍ਰੀਨੋਰਫਿਨ ਗੋਲੀਆਂ ਵੰਡਣਾ ਨਸ਼ਾ ਵਿਰੋਧੀ ਜੰਗ ਦੀ ਜਿੱਤ ਨਹੀਂ, ਸਗੋਂ ਆਮ ਆਦਮੀ ਪਾਰਟੀ ਸਰਕਾਰ ਦੀ ਨਾਕਾਮੀ ਦਾ ਚਾਰਜਸ਼ੀਟ ਹੈ: ਪਰਮਜੀਤ ਕੈਂਥ

ਨਾਭਾ , 11 ਅਗਸਤ: (ਬਹਾਦਰ ਸਿੰਘ ਭੀਲੋਵਾਲ) ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਪੰਜਾਬ ਵਿਧਾਨ ਸਭਾ ਦੀ ਪਬਲਿਕ ਅੰਡਰਟੇਕਿੰਗਜ਼ ਕਮੇਟੀ ਦੀ 129ਵੀਂ ਰਿਪੋਰਟ ਨੂੰ ਭਗਵੰਤ ਮਾਨ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਅਸਲ ਤਸਵੀਰ ਕਰਾਰ ਦਿੰਦਿਆਂ ਕਿਹਾ ਕਿ ਸਰਕਾਰ ਦੇ ਇਸ਼ਤਿਹਾਰ ਕੁਝ ਹੋਰ ਕਹਿੰਦੇ ਹਨ, ਜਦਕਿ ਵਿਧਾਨ ਸਭਾ ਦੀ ਆਪਣੀ ਰਿਪੋਰਟ ਬਿਲਕੁਲ ਵੱਖਰੀ ਹਕੀਕਤ ਸਾਹਮਣੇ ਲਿਆ ਰਹੀ ਹੈ।



ਕੈਂਥ ਨੇ ਕਿਹਾ ਕਿ ਜੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸਰਕਾਰ ਨੂੰ 56.48 ਕਰੋੜ ਬਿਊਪ੍ਰੀਨੋਰਫਿਨ ਗੋਲੀਆਂ ਵੰਡਣੀਆਂ ਪਈਆਂ ਹਨ, 3.17 ਲੱਖ ਮਰੀਜ਼, ਜਿਨ੍ਹਾਂ ਵਿੱਚ ਵੱਡੀ ਗਿਣਤੀ ਨੌਜਵਾਨਾਂ ਦੀ ਹੈ, ਅੱਜ ਵੀ ਦਵਾਈਆਂ ਤੇ ਨਿਰਭਰ ਹਨ, ਅਤੇ ਪੰਜਾਬ ਦੀਆਂ ਜੇਲ੍ਹਾਂ ਵਿੱਚ ਬਿਊਪ੍ਰੀਨੋਰਫਿਨ ਦੀ ਸਪਲਾਈ 1.17 ਕਰੋੜ ਗੋਲੀਆਂ ਤੋਂ ਵੱਧ ਕੇ 8.87 ਕਰੋੜ ਗੋਲੀਆਂ ਤੱਕ ਪਹੁੰਚ ਗਈ ਹੈ, ਤਾਂ ਸਰਕਾਰ ਦੱਸੇ ਕਿ ਆਖ਼ਰ ਨਸ਼ਾ ਕਿੱਥੇ ਖ਼ਤਮ ਹੋਇਆ

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨਸ਼ਿਆਂ ਵਿਰੁੱਧ ਜੰਗ ਜਿੱਤਣ ਦੇ ਦਾਅਵੇ ਕਰ ਰਹੀ ਹੈ, ਪਰ ਵਿਧਾਨ ਸਭਾ ਕਮੇਟੀ ਦੀ ਰਿਪੋਰਟ ਸਪੱਸ਼ਟ ਤੌਰ ਤੇ ਸਾਬਤ ਕਰ ਰਹੀ ਹੈ ਕਿ ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਅੱਜ ਵੀ ਡੂੰਘੀ ਹੈ। ਸਰਕਾਰ ਇਹ ਨਹੀਂ ਦੱਸ ਰਹੀ ਕਿ ਕਿੰਨੇ ਨੌਜਵਾਨ ਪੂਰੀ ਤਰ੍ਹਾਂ ਨਸ਼ਾ-ਮੁਕਤ ਹੋਏ, ਕਿੰਨੇ ਆਮ ਜੀਵਨ ਵਿੱਚ ਵਾਪਸ ਪਰਤੇ ਅਤੇ ਕਿੰਨੇ ਅੱਜ ਵੀ ਦਵਾਈਆਂ ਦੇ ਸਹਾਰੇ ਜੀਵਨ ਬਤੀਤ ਕਰ ਰਹੇ ਹਨ।

ਕੈਂਥ ਨੇ ਕਿਹਾ ਕਿ ਸਭ ਤੋਂ ਗੰਭੀਰ ਗੱਲ ਇਹ ਹੈ ਕਿ ਵਿਧਾਨ ਸਭਾ ਕਮੇਟੀ ਅੱਗੇ ਸਿਹਤ ਵਿਭਾਗ ਇਹ ਤੱਕ ਨਹੀਂ ਦੱਸ ਸਕਿਆ ਕਿ ਗੈਰਕਾਨੂੰਨੀ ਨਸ਼ਾ ਮੁਕਤੀ ਕੇਂਦਰਾਂ ਤੱਕ ਬਿਊਪ੍ਰੀਨੋਰਫਿਨ ਦੀ ਸਪਲਾਈ ਕਿੱਥੋਂ ਹੋ ਰਹੀ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਨਾ ਤਾਂ ਦਵਾਈਆਂ ਦੀ ਸਪਲਾਈ ਲੜੀ ਤੇ ਪ੍ਰਭਾਵਸ਼ਾਲੀ ਕੰਟਰੋਲ ਕਾਇਮ ਕਰ ਸਕੀ ਹੈ ਅਤੇ ਨਾ ਹੀ ਗੈਰ੍ਕਾਨੂੰਨੀ ਨੈੱਟਵਰਕ ਤੇ ਸਖ਼ਤ ਕਾਰਵਾਈ ਕਰ ਸਕੀ ਹੈ।

ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਹੁਣ ਸਿਰਫ਼ ਇੱਕ ਪ੍ਰਚਾਰ ਮੁਹਿੰਮ ਬਣ ਕੇ ਰਹਿ ਗਿਆ ਹੈ। ਜੇ ਸਰਕਾਰ ਸੱਚਮੁੱਚ ਨਸ਼ਿਆਂ ਵਿਰੁੱਧ ਜੰਗ ਜਿੱਤ ਰਹੀ ਹੁੰਦੀ ਤਾਂ ਅੱਜ ਪੰਜਾਬ ਨੂੰ ਕਰੋੜਾਂ ਬਿਊਪ੍ਰੀਨੋਰਫਿਨ ਗੋਲੀਆਂ ਦੀ ਲੋੜ ਨਾ ਪੈਂਦੀ ਅਤੇ ਨਾ ਹੀ ਜੇਲ੍ਹਾਂ ਵਿੱਚ ਇਨ੍ਹਾਂ ਦਵਾਈਆਂ ਦੀ ਮੰਗ ਸੱਤ ਗੁਣਾ ਤੋਂ ਵੱਧ ਵਧਦੀ।

ਪਰਮਜੀਤ ਸਿੰਘ ਕੈਂਥ ਨੇ ਭਗਵੰਤ ਮਾਨ ਸਰਕਾਰ ਤੋਂ ਮੰਗ ਕੀਤੀ ਕਿ ਉਹ ਪੰਜਾਬ ਦੇ ਲੋਕਾਂ ਸਾਹਮਣੇ ਤੁਰੰਤ ਵਾਈਟ ਪੇਪਰ (White Paper) ਜਾਰੀ ਕਰੇ ਅਤੇ ਸਪੱਸ਼ਟ ਕਰੇ

56.48 ਕਰੋੜ ਗੋਲੀਆਂ ਵੰਡਣ ਤੋਂ ਬਾਅਦ ਕਿੰਨੇ ਮਰੀਜ਼ ਪੂਰੀ ਤਰ੍ਹਾਂ ਨਸ਼ਾ-ਮੁਕਤ ਹੋਏ

ਕਿੰਨੇ ਮਰੀਜ਼ ਅੱਜਵੀ ਬਿਊਪ੍ਰੀਨੋਰਫਿਨ ਤੇ ਨਿਰਭਰ ਹਨੈ

ਮੁੜ ਨਸ਼ੇ ਵੱਲ ਵਾਪਸੀ ਦੀ ਅਸਲ ਦਰ ਕੀ ਹੈ

ਜੇਲ੍ਹਾਂ ਵਿੱਚ ਬਿਊਪ੍ਰੀਨੋਰਫਿਨ ਦੀ ਮੰਗ ਸੱਤ ਗੁਣਾ ਤੋਂ ਵੱਧ ਕਿਉਂ ਵਧ ਗਈ

ਗੈਰ੍ਕਾਨੂੰਨੀ ਨਸ਼ਾ ਮੁਕਤੀ ਕੇਂਦਰਾਂ ਤੱਕ ਬਿਊਪ੍ਰੀਨੋਰਫਿਨ ਦੀ ਸਪਲਾਈ ਕੌਣ ਕਰ ਰਿਹਾ ਹੈ ਅਤੇ ਇਹ ਕਿਸ ਦੀ ਸਰਪ੍ਰਸਤੀ ਹੇਠ ਹੋ ਰਹੀ ਹੈ

ਕੈਂਥ ਨੇ ਕਿਹਾ, ਪੰਜਾਬ ਦੇ ਲੋਕ ਹੁਣ ਸਰਕਾਰ ਦਾ ਮੁਲਾਂਕਣ ਇਸ਼ਤਿਹਾਰਾਂ ਨਾਲ ਨਹੀਂ, ਸਗੋਂ ਨਤੀਜਿਆਂ ਨਾਲ ਕਰਨਗੇ। ਨਸ਼ਾ-ਮੁਕਤ ਪੰਜਾਬ ਦਾ ਅਰਥ ਇਹ ਨਹੀਂ ਹੋ ਸਕਦਾ ਕਿ ਨੌਜਵਾਨਾਂ ਨੂੰ ਇੱਕ ਨਸ਼ੇ ਤੋਂ ਕੱਢ ਕੇ ਦੂਜੀ ਦਵਾਈ ਤੇ ਨਿਰਭਰ ਬਣਾ ਦਿੱਤਾ ਜਾਵੇ। ਭਗਵੰਤ ਮਾਨ ਸਰਕਾਰ ਸਿਆਸੀ ਪ੍ਰਚਾਰ ਛੱਡ ਕੇ ਪੰਜਾਬ ਦੇ ਨੌਜਵਾਨਾਂ ਲਈ ਅਸਲ ਨਸ਼ਾ੍ਮੁਕਤੀ, ਪ੍ਰਭਾਵਸ਼ਾਲੀ ਪੁਨਰਵਾਸ ਅਤੇ ਸਨਮਾਨਜਨਕ ਰੁਜ਼ਗਾਰ ਦੀ ਗਾਰੰਟੀ ਦੇਵੇ। ਪੰਜਾਬ ਦੀ ਇੱਕ ਪੂਰੀ ਪੀੜ੍ਹੀ ਦੇ ਭਵਿੱਖ ਨਾਲ ਕੀਤੇ ਜਾ ਰਹੇ ਇਸ ਪ੍ਰਯੋਗ ਦਾ ਹਿਸਾਬ ਸਰਕਾਰ ਨੂੰ ਪੰਜਾਬ ਦੇ ਲੋਕਾਂ ਸਾਹਮਣੇ ਦੇਣਾ ਹੀ ਪਵੇਗਾ।

# ਗੁਰਲਵਲੀਨ ਸਿੰਘ ਲਵਲੀ ਕੁਠਾਲਾ ਨੂੰ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦਾ ਜ਼ਿਲ੍ਹਾ ਮਾਲੇਰਕੋਟਲਾ ਦਾ ਪ੍ਰਧਾਨ ਥਾਪਿਆ

ਮਾਲੇਰਕੋਟਲਾ 11 ਅਗਸਤ (ਪ੍ਰਵੀਨ ਕੁਮਾਰ) ਰਤੀ ਕਿਸਾਨ ਯੂਨੀਅਨ (ਕਾਦੀਆਂ) ਜ਼ਿਲ੍ਹਾ ਮਾਲੇਰਕੋਟਲਾ ਦੀ ਮਹੀਨਾਵਾਰ ਇਕੱਤਰਤਾ ਜ਼ਿਲ੍ਹਾ ਪ੍ਰਧਾਨ ਸ੍ਰ ਗੁਰਲਵਲੀਨ ਸਿੰਘ ਲਵਲੀ ਕੁਠਾਲਾ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬ ਹਾਅ ਦਾ ਨਾਅਰਾ ਮਾਲੇਰਕੋਟਲਾ ਵਿਖੇ ਕੀਤੀ ਗਈ। ਇਸ ਸਮੇਂ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨੀ ਮੰਗਾਂ ਮਨਵਾਉਣ ਲਈ ਚੰਡੀਗੜ੍ਹ ਵਿਖੇ 01 ਸਤੰਬਰ 2026 ਨੂੰ ਦਿੱਤੇ ਜਾ ਰਹੇ ਵਿਸ਼ਾਲ ਧਰਨੇ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਧਾਨ ਵੱਲੋਂ ਆਪਣੇ ਸਾਥੀਆਂ ਸਮੇਤ ਇੱਕਜੁੱਟਤਾ ਦੇ ਰੂਪ ੍ਚ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਦੌਰਾਨ ਮੰਗਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਪੰਜਾਬ ਦੇ ਦਰਿਆਈ ਪਾਣੀਆਂ ਨਾਲ ਸਬੰਧਤ ਧਾਰਾ 78, 79 ਤੇ 80 ਨੂੰ ਰੱਦ ਕਰਨ ਵਾਰੇ ਵਿਧਾਨ ਸਭਾ ਦੇ ਇਜਲਾਸ ਦੌਰਾਨ ਇਹਨਾਂ ਧਾਰਾਵਾਂ ਨੂੰ ਰੱਦ ਕਰਨ ਦਾ ਮਤਾ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜਿਆ ਜਾਵੇ, ਲੈਂਡ ਪੂਲਿੰਗ ਪਾਲਿਸੀ ਤਹਿਤ ਕਿਸਾਨਾਂ ਦੀਆਂ ਜਮੀਨਾਂ ਖੋਹਣ ਵਾਲਾ ਨੋਟੀਫਿਕੇਸ਼ਨ ਤੁਰੰਤ ਰੱਦ ਕੀਤਾ ਜਾਵੇ, ਕੇਂਦਰ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਸਮੇਂ 2 ਦੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ



ਕਾਰਨ ਕਿਸਾਨਾਂ ਸਿਰ ਚੜ੍ਹੇ ਹਰ ਕਿਸਮ ਦੇ ਕਰਜ਼ੇ ਨੂੰ ਖ਼ਤਮ ਕੀਤਾ ਜਾਵੇ, ਡਾ. ਸੁਆਮੀਨਾਥਨ ਵੱਲੋਂ ਕੀਤੀ ਗਈ ਸਿਫਾਰਸ਼ ਸੀ-2 + 50% ਫਾਰਮੂਲੇ ਤਹਿਤ ਕਿਸਾਨੀ ਜਿਣਸਾਂ ਦੀ ਖ਼ਰੀਦ ਐੱਮ ਐੱਸ ਪੀ ਅਨੁਸਾਰ ਯਕੀਨੀ ਬਣਾਈ ਜਾਵੇ, ਕੇਂਦਰ ਸਰਕਾਰ ਵੱਲੋਂ ਭਾਰਤ੍ ਅਮਰੀਕਾ ਮੁਫ਼ਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ। ਇਕੱਤਰਤਾ ਮੌਕੇ ਭੁਪਿੰਦਰ ਸਿੰਘ ਭਿੰਦਾ ਬਨਭੌਰਾ ਸੂਬਾ ਜਨਰਲ ਸਕੱਤਰ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਕਿਹਾ ਕਿ ਸਰਕਾਰ ਤੋਂ ਮੰਗਾਂ ਮੰਨਵਾਕੇ ਕਿਸਾਨਾਂ ਸਿਰ ਚੜ੍ਹੇ ਕਰਜ਼ੇ ਤੇ ਪਾਣੀਆਂ ਦਾ ਮਸਲਾ ਹੱਲ ਕਰਵਾਕੇ ਰਾਹਤ ਦਵਾਉਣ ਲਈ ਯਤਨ ਜਾਰੀ ਰਹਿਣਗੇ । ਇਸ ਮੌਕੇ ਕਰਮਜੀਤ ਸਿੰਘ ਸੋਹੀ ਜ਼ਿਲ੍ਹਾ ਮੰਚ ਸੰਚਾਲਕ ਸਕੱਤਰ, ਮਨਜੀਤ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਮਨੀ ਭੁੱਲਰ ਬਲਾਕ ਪ੍ਰਧਾਨ, ਕਮਿੱਕਰ ਸਿੰਘ ਦਫ਼ਤਰ ਇੰਚਾਰਜ਼, ਜੀਤਾ ਬਿਲਿੰਗ ਭੂਦਨ, ਬਲਜੀਤ ਸਿੰਘ ਭੁੱਲਰ, ਗੁਰਵਿੰਦਰ ਸਿੰਘ ਸਰੌਦ, ਜਸਪਾਲ ਸਿੰਘ, ਗੁਰਦੀਪ ਸਿੰਘ ਕਾਲਾ, ਜਸਵੀਰ ਸਿੰਘ ਬਨਭੌਰਾ, ਪ੍ਰੇਮ ਸਿੰਘ, ਗੁਰਸੇਵਕ ਸਿੰਘ, ਦਲਵੀਰ ਸਿੰਘ ਲੰਡਾ, ਹਰਪਾਲ ਸਿੰਘ ਕੁਠਾਲਾ, ਪੰਚ ਗਗਨਦੀਪ ਸਿੰਘ ਲਿੱਟ ਕੁਠਾਲਾ, ਪਾਲੀ ਮਿਸਤਰੀ ਕੁਠਾਲਾ, ਹਰਵਿੰਦਰ ਸਿੰਘ ਚਹਿਲ ਕੁਠਾਲਾ, ਦਲਜੀਤ ਸਿੰਘ ਚਹਿਲ ਕੁਠਾਲਾ, ਸੰਦੀਪ ਸਿੰਘ ਚਹਿਲ ਕੁਠਾਲਾ, ਜਗਦੇਵ ਸਿੰਘ ਚਹਿਲ (ਗਿੱਲ ਕੁਠਾਲਾ), ਗੁਰਸੇਵਕ ਸਿੰਘ ਸੇਬੀ ਕੁਠਾਲਾ, ਮਨਪ੍ਰੀਤ ਰਿਖੀ ਕੁਠਾਲਾ, ਜੋਤੀ ਫ਼ੌਜੀ ਕੁਠਾਲਾ ਤੋਂ ਇਲਾਵਾ ਜ਼ਿਲ੍ਹਾ ਭਰ ਦੇ ਪਿੰਡਾਂ ਤੋਂ ਕਿਸਾਨ ਭਰਾਵਾਂ ਨੇ ਸ਼ਮੂਲੀਅਤ ਕੀਤੀ।

## ਖੁਦ ਨੂੰ ਸਾਡਾ ਉਸਤਾਦ ਦੱਸਦੇ.....

ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ,
ਉਹ ਅੱਜਕੱਲ੍ਹ ਖੁਦ ਨੂੰ ਸਾਡਾ ਉਸਤਾਦ ਦੱਸਦੇ......

ਉਂਗਲੀ ਫੜਕੇ ਸਾਡੀ ਜਿਹੜੇ ਸਿੱਖੇ ਚੱਲਣਾ,
ਅੱਜ਼ਵਰਤ ਕੇ ਸਾਨੂੰ ਉਹ ਮਾੜਾ ਦੱਸਦੇ।
ਜੂਨ ਸੁਧਾਰਨੇ ਲਈ ਭੰਡਕੇ ਮਿੱਤਰਾਂ ਨੂੰ,
ਖੁਦ ਨੂੰ ਝੂਠੀਆਂ ਤਸੱਲੀਆਂ ਚ ਰੱਖਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ......

ਵਰਤ ਕੇ ਮਿੱਤਰਾਂ ਨੂੰ ਰੋਟੀ ਪੈ ਗਏ,
ਭਾਵੇਂ ਸਾਡੇ ਤੇ ਹੀ ਰਹਿਣ ਅੱਜ ਤਾਅਨੇ ਕੱਸਦੇ।
ਕਿਵੇਂ ਸੁੱਟਣਾ ਸਾਨੂੰ ਰਹਿਣ ਸਕੀਮਾਂ ਘੜ੍ਹਦੇ,
ਜੱਗ ਜਾਣਦੈ ਉਹ ਸੋਚ ਸਰਕਾਰੀ ਰੱਖਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ......

ਬੀਤੇ ਸਮੇਂ ਵਿੱਚ ਜਿਨ੍ਹਾਂ ਦੀ ਸੀ ਬੁਰਾਈ ਕਰਦੇ,
ਅੱਜ਼ਉਨ੍ਹਾਂ ਦੀ ਹੀ ਜੂਠੀ ਪਲੇਟ ਚੱਟਦੇ।
ਚੱਟ ਕੇ ਤਲਵੇ ਸ਼ੋਹਰਤ ਦੀ ਆਸ ਰੱਖਣ,
ਪਾਲਿਸ਼ਾਂ ਮਾਰਨ ਚ ਦਿਨ ਰਾਤ ਸ਼ਮੂਲੀਅਤ ਰੱਖਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ......

ਘੁਮਾਉਣ ਸੂਰਜਮੁਖੀ ਵਾਂਗ ਵੱਲ ਫਾਇਦਿਆਂ ਦੇ ਮੂੰਹ,
ਹੁੰਦੇ ਸ਼ੌਕੀਨ ਮੁਨਾਫਿਆਂ ਦੇ ਨਾ ਵਫਾਦਾਰ ਕਿਸੇ ਦੇ।
ਪਰਵਰਿਸ਼ ਤੇ ਪਾਲਤੂ ਵਿੱਚ ਹੁੰਦਾ ਫਰਕ ਲੋਕੋ,
ਲਹਿਜੇ ਮੁਨਾਫ਼ੇਖੋਰਿਆਂ ਦੇ ਇਹੀ ਗੱਲ ਦੱਸਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ......

ਕੀਤਾ ਪੈਰੀਂ ਖੜ੍ਹਨ ਜੋਗਾ ਅਸੀਂ ਜਿਨ੍ਹਾਂ ਨੂੰ,
ਅੱਜ਼ਸਾਥੋਂ ਹੀ ਖੌਰੇ ਕਿਉਂ ਰਹਿਣ ਮੱਚਦੇ।
ਵਾਂਗ ਲੱਕੜਬੱਗੇ ਝਪਟਣ ਹੱਕ ਬੇਗਾਨੇ,
ਰਹਿਣ ਵੱਸਦੇ ਉਹ ਭਾਵੇਂ ਸਾਡੀਆਂ ਜੜ੍ਹਾਂ ਵੱਢਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ.......

ਹੋਸੀ ਭੂਤਨੀ ਦੇ ਵਾਂਗ ਕਰਨ ਸਿਵਿਆਂ ਤੇ ਦਾਅਵਾ,
ਸਮਝੋਂ ਬਾਹਰ ਕਿਉਂ ਅਜਿਹੀ ਸੋਚ ਰੱਖਦੇ।
ਅਸੀਂ ਕੱਲ੍ਹ ਵੀ ਜ਼ੀਰੋ ਸੀ ਤੇ ਅੱਜ ਵੀ ਜ਼ੀਰੋ ਹਾਂ,
ਖੌਰੇ ਫੇਰ ਵੀ ਕਿਉਂ ਸਾਥੋਂ ਸਾੜਾ ਰੱਖਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ......

ਕੁਸੈਲੇ ਨਿੰਮ ਵਰਗੇ ਮੇਰੀ ਕਲਮੋਂ ਚੋਂ ਬੋਲ ਉਗਦੇ,
ਸੱਚਿਆਂ ਨੂੰ ਫੁੱਲ ਤੇ ਝੂਠਿਆਂ ਦੇ ਰਹਿਣ ਚੁੱਭਦੇ।
ਖਰੇ ਹੁੰਦੇ ਨੇ ਲਫਜ਼ ਮੇਰੇ ਲਫੇੜਿਆਂ ਜਿਹੇ,
ਅਸੀਂ ਵਿੱਚ ਨਾ ਕਦੇ ਕੋਈ ਰਾਜ਼ ਰੱਖਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ......

ਮਨਾਉਣ ਜਸ਼ਨ ਜਿੱਤ ਦਾ ਵਾਂਗ ਗਧਿਆਂ ਦੇ,
ਗੁਰਦੀਪ ਜਿਹੜੀ ਰੇਸ ਵਿੱਚ ਨਾ ਕਦੇ ਘੋੜੇ ਨੱਸਦੇ।
ਹੋਸ਼ਿਆਰ ਹੋਣਾ ਚੰਗੀ ਗੱਲ ਹੈ ਆਸਫ਼ਪੁਰੀ,
ਪਰ ਹੋਰਾਂ ਨੂੰ ਬੇਵਕੂਫ ਸਮਝਣ ਦੀ ਗ਼ਲਤ ਫਹਿਮੀ ਰੱਖਦੇ।
ਜਿਹੜੇ ਰੁਗਰਅਪ ਨੂੰ ਬਰੌਂਗ ਪੜ੍ਹਦੇ,
ਉਹ ਅੱਜਕੱਲ੍ਹ ਖੁਦ ਨੂੰ ਸਾਡਾ ਉਸਤਾਦ ਦੱਸਦੇ......



ਲੇਖਕ ਅਤੇ ਪੱਤਰਕਾਰ
ਗੁਰਦੀਪ ਆਸਫ਼ਪੁਰੀ
(ਹੁਸ਼ਿਆਰਪੁਰ)

## ਤੀਆਂ ਦਾ ਤਿਉਹਾਰ ਮਨਾਈਆਂ



ਘੱਗਾ, (ਕੀਰਤੀ ਗਰਗ) ਸ੍ਰੀ ਭਗਵਤੀ ਵੈਲਫੇਅਰ ਕਲੱਬ ਰਜਿ: ਘੱਗਾ ਵੱਲੋਂ ਤੀਆਂ ਦਾ ਤਿਉਹਾਰ ਬਾਜ਼ੀਗਰ ਬਸਤੀ ਵਿਖੇ ਧੂਮਧਾਮ ਨਾਲ ਮਨਾਇਆ ਗਿਆ । ਇਸ ਮੌਕੇ ਗੁਰਦੀਪ ਸਿੰਘ, ਰਮਨਦੀਪ ਸਿੰਘ, ਕਾਲਾ ਰਾਮ, ਜਸਪਾਲ ਸਿੰਘ, ਵਿਜੇ ਕੁਮਾਰ, ਕੁਲਦੀਪ ਸਿੰਘ, ਨਿੱਕੂ ਰਾਮ, ਸਿਕੰਦਰ ਰਾਮ, ਬੀਰਾ ਰਾਮ , ਮੇਵਾ ਰਾਮ, ਲਵਪ੍ਰੀਤ ਸਿੰਘ ਚਰਨਜੀਤ ਸਿੰਘ ਲਾਲਕਾ ਅਤੇ ਅੰਜੂ ਮਸ਼ਾਲ ਆਦਿ ਦਾ ਵਿਸ਼ੇਸ਼ ਯੋਗਦਾਨ ਰਿਹਾ ।

## ਮਾਤਾ ਨੈਣਾਂ ਦੇਵੀ ਵਿਖੇ ਰਾਸ਼ਨ ਦਾ ਟਰੱਕ ਰਵਾਨਾ



ਪਾਤੜਾਂ (ਕੀਰਤੀ ਗਰਗ) ਮਾਤਾ ਨੈਣਾਂ ਦੇਵੀ ਮੰਦਰ ਚ ਭੰਡਾਰਾ ਲਗਾਉਣ ਲਈ ਦੁਰਗਾ ਦਲ ਸੇਵਾ ਸੰਮਤੀ ਪਾਤੜਾਂ ਨੇ ਰਾਸ਼ਨ ਦਾ ਟਰੱਕ ਰਵਾਨਾ ਕੀਤਾ । ਇਸ ਮੌਕੇ ਸੇਵਾ ਸੰਮਤੀ ਦੇ ਅਹੁਦੇਦਾਰਾਂ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਸੱਜਣ ਵੀ ਹਾਜਰ ਸਨ । ਸ਼ਹਿਰ ਦੀਆਂ ਸਰਗਰਮੀਆਂ ।

## ਘੱਗਾ ਦੇ ਮਜ਼ਦੂਰ ਪਰਿਵਾਰਾਂ ਦੀਆਂ ਮੰਗਾਂ ਦਾ ਹੱਲ ਨਾ ਹੋਇਆ ਤਾਂ 13 ਅਗਸਤ ਤੋਂ ਐਸ.ਡੀ.ਐਮ ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਦਾ ਧਰਨਾ

ਘੱਗਾ, 11 ਅਗਸਤ (ਕੀਰਤੀ ਗਰਗ) ਘੱਗਾ ਵਿੱਚ ਪਿਛਲੇ ਲੰਮੇ ਸਮੇਂ ਤੋਂ ਝੁੱਗੀਆਂ ਵਿੱਚ ਰਹਿ ਰਹੇ ਮਜ਼ਦੂਰ



ਪਰਿਵਾਰ ਆਪਣੇ ਘਰਾਂ ਅਤੇ ਬੁਨਿਆਦੀ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਇਨ੍ਹਾਂ ਪਰਿਵਾਰਾਂ ਦੀ ਮੁੱਖ ਮੰਗ ਹੈ ਕਿ ਉਨ੍ਹਾਂ ਨੂੰ ਘਰ ਬਣਾਉਣ ਲਈ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦਿੱਤਾ ਜਾਵੇ।

ਨੌਜਵਾਨ ਭਾਰਤ ਸਭਾ ਦੇ ਜਿਲ੍ਹਾ ਆਗੂ ਗੁਰਦੀਪ ਕਲਵਾਨੂੰ ਅਤੇ ਰਾਹੁਲ ਘੱਗਾ ਨੇ ਕਿਹਾ ਕਿ ਮਜ਼ਦੂਰ ਪਰਿਵਾਰ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਸ਼ਾਸਨ ਅਤੇ ਸਰਕਾਰ ਦੇ ਧਿਆਨ ਵਿੱਚ ਮਸਲਾ ਲਿਆਉਂਦੇ ਆ ਰਹੇ ਹਨ। ਇਸ ਦੇ ਬਾਵਜੂਦ ਅਜੇ ਤੱਕ ਇਨ੍ਹਾਂ ਪਰਿਵਾਰਾਂ ਦੀਆਂ ਮੰਗਾਂ ਦਾ ਕੋਈ ਪੱਕਾ ਅਤੇ ਠੋਸ ਹੱਲ ਨਹੀਂ ਕੀਤਾ ਗਿਆ । ਮਜ਼ਦੂਰ ਪਰਿਵਾਰਾਂ ਨੂੰ ਬੁਨਿਆਦੀ ਸਹੂਲਤਾਂ ਅਤੇ ਪੱਕੀ ਰਿਹਾਇਸ਼ ਦੇਣ ਦੀ ਬਜਾਏ ਉਨ੍ਹਾਂ ਨੂੰ ਲੰਮੇ ਸਮੇਂ ਤੋਂ ਅਣਦੇਖਾ ਕੀਤਾ ਜਾ ਰਿਹਾ ਹੈ। ਮਜ਼ਦੂਰ ਪਰਿਵਾਰਾਂ ਦਾ ਕਹਿਣਾ ਹੈ ਕਿ ਉਹ ਆਪਣੀ ਜ਼ਿੰਦਗੀ ਦਾ ਲੰਮਾ ਸਮਾਂ ਇਨ੍ਹਾਂ ਝੁੱਗੀਆਂ ਵਿੱਚ ਗੁਜ਼ਾਰ ਚੁੱਕੇ ਹਨ ਅਤੇ ਹੁਣ ਉਹ ਆਪਣੇ ਪਰਿਵਾਰਾਂ ਲਈ ਸੁਰੱਖਿਅਤ ਘਰ ਦੀ ਮੰਗ ਕਰ ਰਹੇ ਹਨ।

ਇਸੇ ਦੇ ਚਲਦਿਆਂ ਨੌਜਵਾਨ ਭਾਰਤ ਸਭਾ ਦੇ ਆਗੂ ਗੁਰਦੀਪ ਅਜ਼ਾਦ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜੇਕਰ ਮਜ਼ਦੂਰ ਪਰਿਵਾਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਗਿਆ ਤਾਂ 13 ਅਗਸਤ ਤੋਂ ਐਸ.ਡੀ.ਐਮ ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ।

ਨੌਜਵਾਨ ਭਾਰਤ ਸਭਾ ਦੇ ਆਗੂਆਂ ਨੇ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਮਜ਼ਦੂਰ ਪਰਿਵਾਰਾਂ ਨੂੰ 55 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦੇਣ ਦੀ ਮੰਗ ਨੂੰ ਤੁਰੰਤ ਪ੍ਰਵਾਨ ਕਰਕੇ ਮਸਲੇ ਦਾ ਪੱਕਾ ਹੱਲ ਕੀਤਾ ਜਾਵੇ। ਇਸ ਮੀਟਿੰਗ ਵਿਚ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ, ਨੌਜਵਾਨ ਆਗੂ ਜਸਵੀਰ ਘੱਗਾ, ਖਿੜਕੀ ਪ੍ਰਧਾਨ, ਬਿੱਟੂ ਤੋਂ ਇਲਾਵਾ ਵੱਡੀ ਗਿਣਤੀ ਵਿਚ ਨੌਜਵਾਨ ਤੇ ਮਜ਼ਦੂਰ ਸ਼ਾਮਲ ਹੋਏ ।

# 15 ਅਗਸਤ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਖ਼ਤ ਸੁਰੱਖਿਆ ਪ੍ਰਬੰਧ ਡੀ.ਆਈ.ਜੀ (BOI) ਬਿਊਰੋ ਆਫ ਇਨਵੈਸਟੀਗੇਸ਼ਨ ਅਤੇ ਐਸ.ਐਸ.ਪੀ ਵੱਲੋਂ ਖੁਦ ਨਾਕਿਆਂ ਦੀ ਚੈਕਿੰਗ ਅਤੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਦੇ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ

## ਜ਼ਿਲ੍ਹੇ ਭਰ ਵਿੱਚ ਵਿਸ਼ੇਸ਼ ਨਾਕਾਬੰਦੀ, ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਚੈਕਿੰਗ-ਹੋਟਲਾਂ, ਢਾਬਿਆਂ, ਬੱਸ ਸਟੈਂਡਾਂ ਅਤੇ ਰੇਲਵੇ ਸਟੇਸ਼ਨਾਂ ਤੇ ਵੀ ਵਿਸ਼ੇਸ਼ ਨਿਗਰਾਨੀ

ਸ੍ਰੀ ਮੁਕਤਸਰ ਸਾਹਿਬ, 11 ਅਗਸਤ (ਸੰਜੀਵ ਗਰਗ) ਪੰਜਾਬ ਸਰਕਾਰ ਅਤੇ ਡੀ.ਜੀ.ਪੀ ਪੰਜਾਬ ਸ੍ਰੀ ਗੌਰਵ ਯਾਦਵ, ਆਈ.ਪੀ.ਐੱਸ ਦੀਆਂ ਹਦਾਇਤਾਂ ਤਹਿਤ ਅਤੇ ਡੀ.ਆਈ.ਜੀ ਬਿਊਰੋ ਆਫ ਇਨਵੈਸਟੀਗੇਸ਼ਨ ਅਤੇ ਕ੍ਰਾਈਮ ਪੰਜਾਬ ਚੰਡੀਗੜ੍ਹ ਸ੍ਰੀ ਸਰਬਜੀਤ ਸਿੰਘ , ਆਈ.ਪੀ.ਐੱਸ ਦੀ ਨਿਗਰਾਨੀ ਹੇਠ ਆਉਣ ਵਾਲੇ 15 ਅਗਸਤ ਆਜ਼ਾਦੀ ਦਿਵਸ ਨੂੰ ਸੁਰੱਖਿਅਤ, ਸ਼ਾਂਤੀਪੂਰਨ ਅਤੇ ਸੁਚੱਜੇ ਢੰਗ ਨਾਲ ਮਨਾਉਣ ਲਈ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹੇ ਭਰ ਵਿੱਚ ਸਖ਼ਤ ਅਤੇ ਪੁਖ਼ਤਾ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਇਨ੍ਹਾਂ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡੀ.ਆਈ.ਜੀ ਬਿਊਰੋ ਆਫ ਇਨਵੈਸਟੀਗੇਸ਼ਨ ਅਤੇ ਕ੍ਰਾਈਮ ਪੰਜਾਬ ਸ੍ਰੀ ਸਰਬਜੀਤ ਸਿੰਘ, ਆਈ.ਪੀ.ਐੱਸ ਅਤੇ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐੱਸ ਵੱਲੋਂ ਖੁਦ ਮੈਦਾਨ ਵਿੱਚ ਜਾ ਕੇ ਵੱਖ-ਵੱਖ ਸਥਾਨਾਂ ਤੇ ਚੈਕਿੰਗ ਕੀਤੀ ਗਈ।

ਨਾਕਿਆਂ ਤੇ ਪਹੁੰਚ ਕੇ ਪੁਲਿਸ ਦੀ ਤਾਇਨਾਤੀ ਅਤੇ ਚੈਕਿੰਗ ਦਾ ਲਿਆ ਜਾਇਜ਼ਾ

ਡੀ.ਆਈ.ਜੀ ਬਿਊਰੋ ਆਫ ਇਨਵੈਸਟੀਗੇਸ਼ਨ ਅਤੇ ਕ੍ਰਾਈਮ ਪੰਜਾਬ ਅਤੇ ਐਸ.ਐਸ.ਪੀ ਵੱਲੋਂ ਸ਼ਹਿਰ ਅਤੇ ਜ਼ਿਲ੍ਹੇ ਦੇ ਵੱਖ-ਵੱਖ ਮੁੱਖ ਰੂਟਾਂ ਤੇ ਲਗਾਏ ਗਏ ਨਾਕਿਆਂ ਦੀ ਚੈਕਿੰਗ ਕੀਤੀ ਗਈ। ਨਾਕਿਆਂ ਤੇ ਤਾਇਨਾਤ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਡਿਊਟੀ ਦੌਰਾਨ ਪੂਰੀ ਮੁਸਤੈਦੀ ਵਰਤਣ ਅਤੇ ਹਰੇਕ ਸ਼ੱਕੀ ਵਿਅਕਤੀ ਤੇ ਵਾਹਨ ਦੀ ਬਾਰੀਕੀ ਨਾਲ ਜਾਂਚ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ। ਪੁਲਿਸ ਟੀਮਾਂ ਵੱਲੋਂ ਆਉਣ੍ਜਾਣ ਵਾਲੇ ਵਾਹਨਾਂ ਦੀ ਚੈਕਿੰਗ ਦੇ ਨਾਲ੍ਨਾਲ ਸ਼ੱਕੀ ਵਿਅਕਤੀਆਂ ਦੀ ਪਛਾਣ ਦੀ ਤਸਦੀਕ ਕੀਤੀ ਜਾ ਰਹੀ ਹੈ। ਬਿਨਾਂ ਨੰਬਰ ਪਲੇਟ, ਸ਼ੱਕੀ ਹਾਲਤ ਵਿੱਚ ਚੱਲ ਰਹੇ ਜਾਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਤੇ ਵੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

ਗੁਰੂ ਗੋਬਿੰਦ ਸਿੰਘ ਸਟੇਡੀਅਮ ਦੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ

15 ਅਗਸਤ ਨੂੰ ਜ਼ਿਲ੍ਹਾ ਪੱਧਰੀ ਮੁੱਖ ਸਮਾਗਮ ਗੁਰੂ ਗੋਬਿੰਦ ਸਿੰਘ ਸਟੇਡੀਅਮ, ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਇਆ ਜਾਣਾ ਹੈ। ਇਸ ਦੇ ਮੱਦੇਨਜ਼ਰ ਡੀ.ਆਈ.ਜੀ ਕਰਾਈਮ, ਬਿਊਰੋ ਆਫ ਇਨਵੈਸਟੀਗੇਸ਼ਨ ਸ੍ਰੀ ਸਰਬਜੀਤ ਸਿੰਘ ਅਤੇ ਐਸ.ਐਸ.ਪੀ ਸ੍ਰੀ ਅਭਿਮੰਨਿਊ ਰਾਣਾ ਵੱਲੋਂ ਸਟੇਡੀਅਮ ਵਿਖੇ ਪਹੁੰਚ ਕੇ ਸੁਰੱਖਿਆ ਪ੍ਰਬੰਧਾਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ ਗਿਆ।

ਸਟੇਡੀਅਮ ਦੇ ਐਂਟਰੀ ਅਤੇ ਐਗਜ਼ਿਟ ਪੁਆਇੰਟਾਂ, ਦਰਸ਼ਕਾਂ ਦੀ ਆਵਾਜਾਈ, ਪਾਰਕਿੰਗ, ਸੁਰੱਖਿਆ ਘੇਰੇ ਅਤੇ ਪੁਲਿਸ ਤਾਇਨਾਤੀ ਸਬੰਧੀ ਪ੍ਰਬੰਧਾਂ ਦੀ ਜਾਂਚ ਕੀਤੀ ਗਈ। ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਮੈਟਲ ਡਿਟੈਕਟਰ, ਮੈਨੂਅਲ ਚੈਕਿੰਗ ਅਤੇ ਸੀ.ਸੀ.ਟੀ.ਵੀ ਕੈਮਰਿਆਂ ਰਾਹੀਂ ਨਿਗਰਾਨੀ ਸਮੇਤ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ।

ਇਸ ਤੋਂ ਇਲਾਵਾ ਮਲੋਟ ਅਤੇ ਗਿੱਦੜਬਾਹਾ ਵਿਖੇ ਹੋਣ ਵਾਲੇ ਸਬ੍ਡਵੀਜ਼ਨ ਪੱਧਰੀ ਸਮਾਗਮਾਂ ਲਈ ਵੀ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਰੱਖਣ ਲਈ ਪੁਲਿਸ ਟੀਮਾਂ ਨੂੰ ਲੋੜੀਂਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ।

ਪੰਜਾਬ੍ਹਰਿਆਣਾ ਅਤੇ ਪੰਜਾਬ੍ਰਾਜਸਥਾਨ ਸਰਹੱਦਾਂ ਤੇ ਵਿਸ਼ੇਸ਼ ਨਾਕਾਬੰਦੀ। ਆਜ਼ਾਦੀ ਦਿਵਸ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਅੰਤਰ੍ਰਾਜੀ ਅਤੇ ਅੰਤਰ-ਜ਼ਿਲ੍ਹਾ ਰੂਟਾਂ ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾ ਰਹੀ ਹੈ। ਪੰਜਾਬ-ਹਰਿਆਣਾ ਅਤੇ ਪੰਜਾਬ-ਰਾਜਸਥਾਨ ਸਰਹੱਦਾਂ ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਆਉਣ੍ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਜਾ ਰਹੀ ਹੈ। ਨਾਕਿਆਂ ਤੇ ਵਾਹਨਾਂ ਦੇ ਦਸਤਾਵੇਜ਼, ਨੰਬਰ ਪਲੇਟ ਅਤੇ ਸਵਾਰ ਵਿਅਕਤੀਆਂ ਦੀ ਲੋੜ ਅਨੁਸਾਰ ਪਛਾਣ ਦੀ ਤਸਦੀਕ ਕੀਤੀ ਜਾ ਰਹੀ ਹੈ, ਤਾਂ ਜੋ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਵਾਹਨ ਦੀ ਗਤੀਵਿਧੀ ਤੇ ਤੁਰੰਤ ਨਜ਼ਰ ਰੱਖੀ ਜਾ ਸਕੇ।

ਹੋਟਲਾਂ, ਢਾਬਿਆਂ ਅਤੇ ਸਰਾਵਾਂ ਦੀ ਵਿਸ਼ੇਸ਼ ਚੈਕਿੰਗ

ਜ਼ਿਲ੍ਹੇ ਦੇ ਹੋਟਲਾਂ, ਢਾਬਿਆਂ, ਸਰਾਵਾਂ



ਅਤੇ ਹੋਰ ਅਜਿਹੇ ਸਥਾਨਾਂ ਤੇ ਵੀ ਪੁਲਿਸ ਟੀਮਾਂ ਵੱਲੋਂ ਵਿਸ਼ੇਸ਼ ਚੈਕਿੰਗ ਕੀਤੀ ਜਾ ਰਹੀ ਹੈ। ਹੋਟਲਾਂ ਅਤੇ ਸਰਾਵਾਂ ਵਿੱਚ ਠਹਿਰੇ ਵਿਅਕਤੀਆਂ ਦੀ ਲੋੜ ਅਨੁਸਾਰ ਤਸਦੀਕ ਕੀਤੀ ਜਾ ਰਹੀ ਹੈ ਅਤੇ ਸ਼ੱਕੀ ਗਤੀਵਿਧੀਆਂ ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾ ਰਹੀ ਹੈ। ਇਸ ਦੇ ਨਾਲ ਹੀ ਬੱਸ ਸਟੈਂਡਾਂ ਅਤੇ ਰੇਲਵੇ ਸਟੇਸ਼ਨਾਂ ਤੇ ਵੀ ਪੁਲਿਸ ਵੱਲੋਂ ਵਿਸ਼ੇਸ਼ ਚੈਕਿੰਗ ਕੀਤੀ ਜਾ ਰਹੀ ਹੈ। ਰੇਲਵੇ ਸਟੇਸ਼ਨਾਂ ਤੇ ਜੀ.ਆਰ.ਪੀ ਪੁਲਿਸ ਨਾਲ ਤਾਲਮੇਲ ਕਰਕੇ ਸ਼ੱਕੀ ਵਿਅਕਤੀਆਂ ਅਤੇ ਉਨ੍ਹਾਂ ਦੇ ਸਮਾਨ ਦੀ ਜਾਂਚ ਕੀਤੀ ਜਾ ਰਹੀ ਹੈ।

ਨਾਈਟ ਡੋਮੀਨੇਸ਼ਨ ਅਤੇ ਫਲੈਗ ਮਾਰਚ ਰਾਹੀਂ ਚੌਕਸੀ

15 ਅਗਸਤ ਦੇ ਮੱਦੇਨਜ਼ਰ ਰਾਤ ਸਮੇਂ ਨਾਈਟ ਡੋਮੀਨੇਸ਼ਨ ਮੁਹਿੰਮ ਵੀ ਲਗਾਤਾਰ ਜਾਰੀ ਹੈ। ਗਜ਼ਟਿਡ ਰੈਂਕ ਦੇ ਅਧਿਕਾਰੀ ਖੁਦ ਪੁਲਿਸ ਟੀਮਾਂ ਸਮੇਤ ਸ਼ਹਿਰ ਦੇ ਗਲੀ੍ਮੁਹੱਲਿਆਂ, ਬਾਜ਼ਾਰਾਂ, ਰੇਲਵੇ ਸਟੇਸ਼ਨਾਂ, ਬੱਸ ਸਟੈਂਡਾਂ ਅਤੇ ਹੋਰ ਸੰਵੇਦਨਸ਼ੀਲ ਸਥਾਨਾਂ ਵਿੱਚ ਗਸ਼ਤ ਕਰ ਰਹੇ ਹਨ। ਪੀ.ਸੀ.ਆਰ ਟੀਮਾਂ ਅਤੇ ਗਸ਼ਤੀ ਪਾਰਟੀਆਂ ਵੱਲੋਂ ਰਾਤ ਸਮੇਂ ਲਗਾਤਾਰ ਪੈਟਰੋਲਿੰਗ ਕੀਤੀ ਜਾ ਰਹੀ ਹੈ ਅਤੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਵੱਖ੍ਵੱਖ ਥਾਵਾਂ ਤੇ ਫਲੈਗ ਮਾਰਚ ਕਰਕੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।

ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਖ਼ਤ ਹਦਾਇਤਾਂ

ਇਸ ਮੌਕੇ ਸ੍ਰੀ ਮਨਮੀਤ ਸਿੰਘ ਢਿੱਲੋਂ, ਐਸ.ਪੀ (ਡੀ), ਸ੍ਰੀ ਮੁਕਤਸਰ ਸਾਹਿਬ ਅਤੇ ਸ੍ਰੀ ਬਚਨ ਸਿੰਘ, ਡੀ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸਮੇਤ ਹੋਰ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਇਸ ਮੌਕੇ ਡੀ.ਆਈ.ਜੀ ਨੇ ਕਿਹਾ ਕਿ 15 ਅਗਸਤ ਆਜ਼ਾਦੀ ਦਿਵਸ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਸੁਰੱਖਿਆ ਪ੍ਰਬੰਧ ਪੂਰੀ ਤਰ੍ਹਾਂ ਮਜ਼ਬੂਤ ਕੀਤੇ ਗਏ ਹਨ। ਪੁਲਿਸ ਵੱਲੋਂ ਵੱਖ-ਵੱਖ ਥਾਵਾਂ ਤੇ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਬੱਸ ਸਟੈਂਡ, ਰੇਲਵੇ ਸਟੇਸ਼ਨ, ਹੋਟਲ, ਢਾਬੇ, ਸਰਾਵਾਂ ਅਤੇ ਹੋਰ ਸੰਵੇਦਨਸ਼ੀਲ ਸਥਾਨਾਂ ਤੇ ਵੀ ਵਿਸ਼ੇਸ਼ ਚੈਕਿੰਗ ਕੀਤੀ ਜਾ ਰਹੀ ਹੈ। ਕਿਸੇ ਵੀ ਸ਼ਰਾਰਤੀ ਜਾਂ ਸਮਾਜ ਵਿਰੋਧੀ ਅਨਸਰ ਨੂੰ ਕਿਸੇ ਵੀ ਕੀਮਤ ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਲੋਕਾਂ ਨੂੰ ਪੁਲਿਸ ਦਾ ਸਹਿਯੋਗ ਕਰਨ ਦੀ ਅਪੀਲ

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਜੇਕਰ ਕਿਸੇ ਵਿਅਕਤੀ ਨੂੰ ਆਪਣੇ ਆਲੇ੍ਦੁਆਲੇ ਕੋਈ ਸ਼ੱਕੀ ਵਿਅਕਤੀ, ਲਾਵਾਰਿਸ ਵਸਤੂ, ਸ਼ੱਕੀ ਵਾਹਨ ਜਾਂ ਕਿਸੇ ਕਿਸਮ ਦੀ ਅਪਰਾਧਿਕੇਸ਼ੱਕੀ ਗਤੀਵਿਧੀ ਨਜ਼ਰ ਆਉਂਦੀ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੁਲਿਸ ਨੂੰ ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਛਾਣ ਗੁਪਤ ਰੱਖੀ ਜਾਵੇਗੀ। ਲੋਕਾਂ ਦੇ ਸਹਿਯੋਗ ਨਾਲ ਹੀ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕਦਾ ਹੈ।

ਸ੍ਰੀ ਮੁਕਤਸਰ ਸਾਹਿਬ ਪੁਲਿਸ — ਆਜ਼ਾਦੀ ਦਿਵਸ ਦੇ ਮੱਦੇਨਜ਼ਰ ਤੁਹਾਡੀ ਸੁਰੱਖਿਆ ਲਈ ਪੂਰੀ ਤਰ੍ਹਾਂ ਮੁਸਤੈਦ।

ਪੁਲਿਸ ਕੰਟਰੋਲ ਰੂਮ: 80549-42100

ਐਮਰਜੈਂਸੀ ਹੈਲਪਲਾਈਨ: 112

# ਬਾਬਾ ਗੰਡਾ ਸਿੰਘ ਸੀਨੀਅਰ ਸੈਕੰਡਰੀ ਸਕੂਲ ਅਮਰਗੜ੍ਹ ਦਾ ਜ਼ੋਨ ਪੱਧਰੀ ਐਥਲੈਟਿਕਸ ਮੁਕਾਬਲੇ (ਲੜਕੇ) ਵਿੱਚ ਸ਼ਾਨਦਾਰ ਪ੍ਰਦਰਸ਼ਨ

ਅਮਰਗੜ੍ਹ 11ਅਗਸਤ (ਹਰਭਗਵਾਨ ਸਿੰਘ ਚੀਮਾਂ) ਬਾਬਾ ਗੰਡਾ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਲਾਗੜੀਆਂ (ਅਮਰਗੜ੍ਹ ਦੇ ਵਿਦਿਆਰਥੀਆਂ ਨੇ ਜ਼ੋਨਲ ਪੱਧਰੀ ਐਥਲੈਟਿਕਸ (ਲੜਕੇ) ਮੁਕਾਬਲਿਆਂ (2026-27) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਵੱਖ- ਵੱਖ ਟਰੈਕ ਅਤੇ ਫੀਲਡ ਈਵੈਂਟਾਂ ਵਿੱਚ ਕੁੱਲ 30 ਸੋਨ ਤਗਮੇ ਅਤੇ 15 ਚਾਂਦੀ ਦੇ ਤਗਮੇ ਜਿੱਤ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਇਸ ਸ਼ਾਨਦਾਰ ਪ੍ਰਾਪਤੀ ਤੇ ਸਕੂਲ ਦੇ ਪ੍ਰਿੰਸੀਪਲ ਡਾ. ਸੋਮ ਪ੍ਰਕਾਸ਼ ਨੇ ਜੇਤੂ ਵਿਦਿਆਰਥੀਆਂ, ਖੇਡ ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਅਧਿਆਪਕਾਂ ਦੇ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਰਾਜ ਅਤੇ ਰਾਸ਼ਟਰੀ ਪੱਧਰ ਤੇ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਅਨੁਜ ਸੂਦ, ਵਾਇਸ ਚੇਅਰਮੈਨ ਵੰਦਨਾ ਸੂਦ, ਡਾਇਰੈਕਟਰ




ਸੁਮਾਨਸ ਸੂਦ, ਵਾਇਸ ਪ੍ਰਿੰਸੀਪਲ ਜਗਤਾਰ ਸਿੰਘ, ਡਿਪਟੀ ਸੁਪਰਡੰਟ ਕਮਲਜੀਤ ਸਿੰਘ ਸ਼ੇਰਗਿੱਲ, ਡੀ.ਪੀ.ਈ ਜਗਦੀਪ ਸਿੰਘ, ਗੁਰਪ੍ਰੀਤ ਸਿੰਘ, ਅਮਨਦੀਪ ਕੌਰ ਅਤੇ ਸਮੂਹ ਸਟਾਫ਼ ਨੇ ਵੀ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਹ ਉਪਲਬਧੀ ਸਕੂਲ ਲਈ ਮਾਣ ਅਤੇ ਖੁਸ਼ੀ ਦਾ ਵਿਸ਼ਾ ਹੈ।

